# ਚਾਓ ਦੀ ਚੜ੍ਹਤ ਬਰਕਰਾਰ, ਬਾਇਲਾਓ ਦੇ ਸਮਰਥਕਾਂ ਵਿੱਚ ਹੋਇਆ ਭਾਰੀ ਵਾਧਾ

ਟੋਰਾਂਟੋ, 25 ਜੂਨ (ਪੋਸਟ ਬਿਊਰੋ) : ਜੇ ਅੱਜ ਜ਼ਿਮਨੀ ਚੋਣਾਂ ਕਰਵਾਈਆਂ ਜਾਂਦੀਆਂ ਹਨ ਤਾਂ ਹਰ ਹਾਲ ਓਲੀਵੀਆ ਚਾਓ ਟੋਰਾਂਟੋ ਦੀ ਮੇਅਰ ਚੁਣੀ ਜਾਵੇਗੀ। ਇਹ ਖੁਲਾਸਾ ਐਤਵਾਰ ਨੂੰ ਜਾਰੀ ਕੀਤੇ ਗਏ ਨਵੇਂ ਸਰਵੇਖਣ ਦੇ ਨਤੀਜਿਆਂ ਤੋਂ ਹੋਇਆ।

ਫੋਰਮ ਰਿਸਰਚ ਤੇ ਮੇਨਸਟਰੀਟ ਰਿਸਰਚ ਵੱਲੋਂ ਕਰਵਾਏ ਗਏ ਸਰਵੇਖਣ ਵਿੱਚ ਸਾਹਮਣੇ ਆਇਆ ਕਿ ਅਜੇ ਵੀ ਮੇਅਰ ਦੀ ਦੌੜ ਵਿੱਚ ਚਾਓ ਸੱਭ ਤੋਂ ਮੂਹਰੇ ਚੱਲ ਰਹੀ ਹੈ ਪਰ ਜਿੰਨੀ ਲੀਡ ਉਸ ਨੂੰ ਪਹਿਲਾਂ ਮਿਲੀ ਹੋਈ ਸੀ ਹੁਣ ਉਹ ਨਹੀਂ ਰਹਿ ਗਈ ਹੈ। ਮੇਅਰ ਦੇ ਅਹੁਦੇ ਦੀਆਂ ਚੋਣਾਂ ਸਬੰਧੀ ਮੇਨਸਟਰੀਟ ਪੋਲ ਵੱਲੋਂ ਪਹਿਲਾਂ ਕਰਵਾਏ ਗਏ ਸਰਵੇਖਣਾਂ ਵਿੱਚ ਚਾਓ 34 ਫੀ ਸਦੀ ਤੈਅਸ਼ੁਦਾ ਵੋਟਰਾਂ ਦੀ ਪਸੰਦ ਰਹੀ ਹੈ ਤੇ ਫੋਰਮ ਪੋਲ ਵਿੱਚ 29 ਫੀ ਸਦੀ ਵੋਟਰਾਂ ਦੀ ਪਹਿਲੀ ਪਸੰਦ ਵੀ ਚਾਓ ਹੀ ਰਹੀ ਹੈ।

ਉਸ ਤੋਂ 9 ਅੰਕ ਪਿੱਛੇ ਐਨਾ ਬਾਇਲਾਓ ਚੱਲ ਰਹੀ ਹੈ। ਮੇਨਸਟਰੀਟ ਅਨੁਸਾਰ ਬਾਇਲਾਓ ਨੂੰ 25 ਫੀ ਸਦੀ ਸਮਰਥਕਾਂ ਦਾ ਸਮਰਥਨ ਹਾਸਲ ਹੋ ਰਿਹਾ ਹੈ ਤੇ ਫੋਰਮ ਅਨੁਸਾਰ 20 ਫੀ ਸਦੀ ਸਮਰਥਕ ਉਸ ਦੇ ਨਾਲ ਹਨ। ਸਾਬਕਾ ਮੇਅਰ ਜੌਹਨ ਟੋਰੀ



ਵੱਲੋਂ ਪਿਛਲੇ ਬੁੱਧਵਾਰ ਬਾਇਲਾਓ ਦੇ ਹੱਕ ਵਿੱਚ ਨਿੱਤਰਣ ਤੋਂ ਬਾਅਦ ਉਸ ਦੇ ਸਮਰਥਕਾਂ ਦੀ ਗਿਣਤੀ ਵਿੱਚ ਭਾਰੀ ਵਾਧਾ ਹੋਇਆ ਹੈ। ਮੇਨਸਟਰੀਟ ਰਿਸਰਚ ਦੇ ਹੈੱਡ ਕਿਟੋ ਮੈਗੀ ਨੇ ਆਖਿਆ ਕਿ ਭਾਵੇਂ ਚਾਓ ਦੇ ਨੇੜੇ ਤੇੜੇ ਪਹੁੰਚਣਾ ਵੀ ਹੋਰਨਾਂ ਉਮੀਦਵਾਰਾਂ ਦੇ ਲਈ ਇਸ ਸਮੇਂ ਕਾਫੀ ਮੁਸ਼ਕਲ ਹੈ ਪਰ ਬਾਇਲਾਓ ਹੀ ਅਜਿਹੀ ਉਮੀਦਵਾਰ ਹੈ ਜਿਹੜੀ ਚਾਓ ਦੇ ਐਨਾ ਨੇੜੇ ਪਹੁੰਚੀ ਹੈ।

ਫੋਰਮ ਰਿਸਰਚ ਦੇ ਪ੍ਰੈਜ਼ੀਡੈਂਟ ਡਾ. ਲੌਰਨ ਬਜੀਨੌਫ ਨੇ ਆਖਿਆ ਕਿ ਪਿਛਲੇ ਤਿੰਨ ਹਫਤਿਆਂ ਵਿੱਚ ਚਾਓ ਦੀ ਮਕਬੂਲੀਅਤ ਵਿੱਚ ਤਿੰਨ ਅੰਕਾਂ ਦੀ ਆਈ ਇਹ ਤੀਜੀ ਗਿਰਾਵਟ ਹੈ। ਜਿਸ ਤੋਂ ਭਾਵ ਹੈ ਕਿ ਪਿਛਲੇ ਤਿੰਨ ਹਫਤਿਆਂ ਤੋਂ ਚਾਓ ਦੇ ਸਮਰਥਕਾਂ ਦੀ ਗਿਣਤੀ ਰੋਜ਼ਾਨਾ 0.5 ਫੀ ਸਦੀ ਦੇ ਹਿਸਾਬ ਨਾਲ ਘਟ ਰਹੀ ਹੈ। ਉਨ੍ਹਾਂ ਆਖਿਆ ਕਿ ਭਾਵੇਂ ਬਾਇਲਾਓ ਨੂੰ ਦੇਰ ਨਾਲ ਤੇ ਮਾਮੂਲੀ ਸਮਰਥਨ ਹਾਸਲ ਹੋਇਆ ਹੈ ਪਰ ਇਸ ਨਾਲ ਉਸ ਦਾ ਦੂਜਾ ਸਥਾਨ ਪੱਕਾ ਹੋ ਗਿਆ ਹੈ। ਜੇ ਇੱਕ ਹਫਤਾ ਪਹਿਲਾਂ ਸਾਬਕਾ ਮੇਅਰ ਦਾ ਥਾਪੜਾ ਬਾਇਲਾਓ ਨੂੰ ਮਿਲਿਆ ਹੁੰਦਾ ਤਾਂ ਇਸ ਸਮੇਂ ਸਥਿਤੀ ਹੋਰ ਹੀ ਹੋਣੀ ਸੀ।

ਦੋਵਾਂ ਸਰਵੇਖਣਾਂ ਅਨੁਸਾਰ ਇਸ ਸਮੇਂ ਤੀਜੇ ਸਥਾਨ ਉੱਤੇ 11 ਫੀ ਸਦੀ ਸਮਰਥਨ ਹਾਸਲ ਕਰਕੇ ਮਾਰਕ ਸਾਂਡਰਸ ਚੱਲ ਰਹੇ ਹਨ। ਬਾਇਲਾਓ ਵਾਂਗ ਹੀ ਸਾਂਡਰਸ ਨੂੰ ਵੀ ਪਿਛਲੇ ਹਫਤੇ ਹੀ ਪ੍ਰੀਮੀਅਰ ਡੱਗ ਫੋਰਡ ਦੀ ਹਮਾਇਤ ਹਾਸਲ ਹੋਈ ਹੈ। ਪਰ ਇਸ ਨਾਲ ਸਾਂਡਰਸ ਨੂੰ ਕੋਈ ਬਹੁਤਾ ਫਾਇਦਾ ਹੋਇਆ ਨਹੀਂ ਲੱਗ ਰਿਹਾ। ਮੇਨਸਟਰੀਟ ਅਨੁਸਾਰ ਸਾਂਡਰਸ ਤੋਂ ਬਾਅਦ 10 ਫੀ ਸਦੀ ਸਮਰਥਕਾਂ ਤੇ ਫੋਰਮ ਅਨੁਸਾਰ 11 ਫੀ ਸਦੀ ਸਮਰਥਕਾਂ ਨਾਲ ਐਂਥਨੀ ਫੁਰੇ ਚੱਲ ਰਹੇ ਹਨ। ਮੇਨਸਟਰੀਟ ਅਨੁਸਾਰ ਚੌਥੇ ਸਥਾਨ ਉੱਤੇ ਸੱਤ ਫੀ ਸਦੀ ਤੇ ਫੋਰਮ ਅਨੁਸਾਰ ਅੱਠ ਫੀ ਸਦੀ ਸਮਰਥਨ ਨਾਲ ਜੋਸ਼ ਮੈਟਲੋਅ ਹਨ। ਮਿਤਜ਼ੀ ਹੰਟਰ ਨੂੰ ਦੋਵਾਂ ਸਰਵੇਖਣਾਂ ਵਿੱਚ ਪੰਜ ਫੀ ਸਦੀ ਸਮਰਥਨ ਮਿਲਦਾ ਦਿਖਾਇਆ ਗਿਆ ਹੈ। ਕਲੋਏ ਬ੍ਰਾਊਨ ਤੇ ਬ੍ਰੈਡ ਬ੍ਰੈੱਡਫੋਰਡ ਨੂੰ ਕ੍ਰਮਵਾਰ ਦੋ ਫੀ ਸਦੀ ਤੇ ਇੱਕ ਫੀ ਸਦੀ ਸਮਰਥਕਾਂ ਦੀ ਹਮਾਇਤ ਹਾਸਲ ਹੋ ਰਹੀ ਹੈ।

## ਅੱਜ ਨਾਮਾ

ਲਾਇਆ ਬਾਪੂ ਜਦ ਫਲਾਂ ਦਾ ਇੱਕ ਬੂਟਾ,
ਫਲ ਫਿਰ ਮਗਰੋਂ ਔਲਾਦ ਨੇ ਖਾਏ ਬੇਲੀ।
ਕਿੱਸੇ ਸੁਣੇਕਈਇਹੋ ਜਿਹੇ ਵੱਡਿਆਂ ਤੋਂ,
ਸੁਣ-ਸੁਣ ਅਸਾਂ ਨੇ ਬਹੁਤ ਸੁਣਾਏ ਬੇਲੀ।
ਰਹਿ ਗਈ ਉਹ ਰਿਵਾਇਤ ਹੈ ਦੂਰ ਪਿੱਛੇ,
ਵਕਤ ਨੇ ਰੰਗ ਹਨ ਬਹੁਤ ਵਿਖਾਏ ਬੇਲੀ।
ਰਹੀ ਰਿਵਾਇਤ ਨਾ ਰਹੇ ਰਿਵਾਇਤ ਵਾਲੇ,
ਫਿਰ ਰਿਵਾਇਤ ਉਹ ਕੌਣ ਨਿਭਾਏ ਬੇਲੀ।
ਚਾਰ ਕੁ ਠਹਿਰ ਜਾਉ ਸਾਲ ਤਾਂ ਪਤਾ ਲੱਗੂ,
ਵਕਤ ਕੀ ਨਵਾਂ ਈ ਰੰਗ ਵਿਖਾਉਣ ਵਾਲਾ।
ਪਾਲਣਾ ਰੜੀ-ਰਿਵਾਇਤ ਦੀ ਰਹੀ ਕਿਧਰੇ,
ਮਿਲੂਗਾ ਕਿੱਸਾ ਵੀ ਨਹੀਂ ਸੁਣਾਉਣ ਵਾਲਾ।

**ਤੀਸ ਮਾਰ ਖਾਂ**

# 38 ਸਾਲ ਬਾਅਦ ਵੀ ਬਹੁਤੇ ਕੈਨੇਡੀਅਨ ਏਅਰ ਇੰਡੀਆ ਦੀ ਫਲਾਈਟ 182 ਵਿੱਚ ਹੋਏ ਬੰਬ ਧਮਾਕੇ ਬਾਰੇ ਨਹੀਂ ਜਾਣਦੇ

ਟੋਰਾਂਟੋ, 25 ਜੂਨ (ਪੋਸਟ ਬਿਊਰੋ) : ਸ਼ੁੱਕਰਵਾਰ ਨੂੰ ਏਅਰ ਇੰਡੀਆ ਦੀ ਫਲਾਈਟ 182 ਵਿੱਚ ਹੋਏ ਧਮਾਕੇ ਦੀ ਘਟਨਾ ਨੂੰ ਵਾਪਰਿਆਂ 38 ਸਾਲ ਦਾ ਲੰਮਾਂ ਅਰਸਾ ਪੂਰਾ ਹੋ ਜਾਵੇਗਾ। ਅਜੇ ਵੀ ਕਰਵਾਏ ਗਏ ਇੱਕ ਨਵੇਂ ਸਰਵੇਖਣ ਤੋਂ ਸਾਹਮਣੇ ਆਇਆ ਹੈ ਕਿ ਦੇਸ਼ ਦੇ ਕਈ ਲੋਕਾਂ ਨੂੰ ਇਸ ਅੱਤਵਾਦੀ ਹਮਲੇ ਬਾਰੇ ਕੋਈ ਜਾਣਕਾਰੀ ਹੀ ਨਹੀਂ ਸੀ।

23 ਜੂਨ, 1985 ਨੂੰ ਟੋਰਾਂਟੋ ਤੋਂ ਲੰਡਨ ਜਾ ਰਹੀ ਫਲਾਈਟ ਵਿੱਚ ਸਵਾਰ 280 ਕੈਨੇਡੀਅਨਜ਼, ਜਿਨ੍ਹਾਂ ਵਿੱਚ 86 ਬੱਚੇ ਵੀ ਸ਼ਾਮਲ ਸਨ, ਬੰਬ ਧਮਾਕੇ ਵਿੱਚ ਆਪਣੀਆਂ ਜਾਨਾਂ ਗੁਆ ਬੈਠੇ। ਧਮਾਕੇ ਤੋਂ ਬਾਅਦ ਜਹਾਜ਼ ਦਾ ਮਲਬਾ ਆਇਰਲੈਂਡ ਦੇ ਤੱਟ ਉੱਤੇ ਸਮੁੰਦਰ ਵਿੱਚ ਜਾ ਡਿੱਗਿਆ। ਐਂਗਸ ਰੀਡ ਇੰਸਟੀਚਿਊਟ ਵੱਲੋਂ ਕਰਵਾਏ ਗਏ ਸਰਵੇਖਣ ਵਿੱਚ ਪਾਇਆ ਗਿਆ ਕਿ 10 ਵਿੱਚੋਂ 9 ਕੈਨੇਡੀਅਨਜ਼ ਨੂੰ ਇਸ ਘਟਨਾ ਦੀ ਮਾਮੂਲੀ ਜਾਣਕਾਰੀ ਹੈ ਜਦਕਿ ਪੰਜਾਂ ਵਿੱਚੋਂ ਤਿੰਨ ਕੈਨੇਡੀਅਨਜ਼, ਜਿਨ੍ਹਾਂ ਦੀ ਉਮਰ 35 ਸਾਲ ਤੋਂ ਘੱਟ ਹੈ, ਨੇ ਇਸ ਘਟਨਾ ਬਾਰੇ ਕਦੇ ਸੁਣਿਆ ਹੀ ਨਹੀਂ।




ਬੀਸੀ ਦੇ ਸਾਬਕਾ ਪ੍ਰੀਮੀਅਰ ਉੱਜਲ ਦੁਸਾਂਝ ਨੇ ਆਖਿਆ ਕਿ ਇਨ੍ਹਾਂ ਅੰਕੜਿਆਂ ਤੋਂ ਉਹ ਹੈਰਾਨ ਨਹੀਂ ਹਨ। ਉਨ੍ਹਾਂ ਆਖਿਆ ਕਿ ਜਦੋਂ ਇਹ ਹਾਦਸਾ ਵਾਪਰਿਆ ਸੀ ਤਾਂ ਇਸ ਨੂੰ ਕੈਨੇਡੀਅਨ ਟਰੈਜਡੀ ਵਜੋਂ ਨਹੀਂ ਸੀ ਲਿਆ ਗਿਆ। ਉਸ ਸਮੇਂ ਕੈਨੇਡੀਅਨ ਲੀਡਰਸ਼ਿਪ ਵੱਲੋਂ ਇਸ ਨੂੰ ਨਸਲੀ ਢੰਗ ਨਾਲ ਵੇਖਿਆ ਗਿਆ ਸੀ। ਉਨ੍ਹਾਂ ਨੇ ਉਸ ਸਮੇਂ ਇਹ ਸਮਝਿਆ ਸੀ ਕਿ ਕਣਕਵਿੰਨ੍ਹੇ ਰੰਗ ਵਾਲੇ ਇਹ ਲੋਕ, ਜਿਨ੍ਹਾਂ ਵਿੱਚੋਂ ਕੁੱਝ ਨੇ ਪੱਗਾਂ ਬੰਨ੍ਹੀਆਂ ਹੋਈਆਂ ਹਨ ਤੇ ਕੁੱਝ ਬਿਨਾਂ ਪੱਗਾਂ ਤੋਂ ਹਨ, ਐਵੇਂ ਕਿਸੇ ਮੁੱਦੇ ਉੱਤੇ ਇੱਕ ਦੂਜੇ ਨਾਲ ਬਹਿਸੀ ਜਾ ਰਹੇ ਹਨ। ਇਸ ਦਾ ਸਮਾਜ ਉੱਤੇ ਕੋਈ ਅਸਰ ਨਹੀਂ ਪੈਣ ਵਾਲਾ।

ਉਨ੍ਹਾਂ ਦਾ ਮੰਨਣਾ ਸੀ ਕਿ ਇਹ ਕੈਨੇਡੀਅਨ ਤ੍ਰਾਸਦੀ ਨਹੀਂ ਹੈ। ਕਈ ਦਹਾਕੇ ਤਾਂ ਇਸ ਘਟਨਾ ਦੀ ਜਾਂਚ ਕਰਵਾਉਣ ਵਿੱਚ ਹੀ ਲੱਗ ਗਏ। ਇਸ ਮਾਮਲੇ ਲਈ ਅਦਾਲਤੀ ਕਾਰਵਾਈ ਵਿੱਚ ਦੋ ਦਹਾਕੇ ਦਾ ਸਮਾਂ ਲੱਗਿਆ। ਇਸ ਲਈ ਹੁਣ ਸਾਹਮਣੇ ਆ ਰਹੇ ਇਸ ਤਰ੍ਹਾਂ ਦੇ ਅੰਕੜਿਆਂ ਤੋਂ ਕੋਈ ਹੈਰਾਨੀ ਨਹੀਂ ਹੋ ਰਹੀ। 2005 ਵਿੱਚ ਫੈਡਰਲ ਸਰਕਾਰ ਵੱਲੋਂ 23 ਜੂਨ ਨੂੰ ਨੈਸ਼ਨਲ ਡੇਅ ਆਫ ਰਿਮੈਂਬਰੈਂਸ ਆਫ ਵਿਕਟਿਮਜ਼ ਆਫ ਟੈਰੋਰਿਜ਼ਮ ਵੀ ਐਲਾਨਿਆ ਗਿਆ ਸੀ। 2006 ਵਿੱਚ ਇਸ ਮਾਮਲੇ ਦੀ ਜਾਂਚ ਸ਼ੁਰੂ ਕੀਤੀ ਗਈ। ਚਾਰ ਸਾਲ ਬਾਅਦ ਇਸ ਦੀ ਫਾਈਨਲ ਰਿਪੋਰਟ ਆਈ। ਕਈ ਮਾਮਲਿਆਂ ਵਿੱਚ ਤਤਕਾਲੀ ਕੈਨੇਡੀਅਨ ਸਰਕਾਰ, ਆਰਸੀਐਮਪੀ ਤੇ ਕੈਨੇਡੀਅਨ ਸਕਿਊਰਿਟੀ ਇੰਟੈਲੀਜੈਂਸ ਸਰਵਿਸ ਦੀਆਂ ਊਣਤਾਈਆਂ ਪਾਈਆਂ ਗਈਆਂ। ਇਸ ਘਟਨਾ ਲਈ ਇੰਦਰਜੀਤ ਸਿੰਘ ਰਾਇਤ ਨੂੰ ਦੋਸ਼ੀ ਠਹਿਰਾਇਆ ਗਿਆ। 2010 ਵਿੱਚ ਉਸ ਨੂੰ ਅਦਾਲਤ ਵਾਰੀ ਵਾਰੀ ਝੂਠ ਬੋਲਣ ਬਦਲੇ 9 ਸਾਲ ਦੀ ਕੈਦ ਸੁਣਾਈ ਗਈ ਪਰ ਬਾਅਦ ਵਿੱਚ ਉਸ ਨੂੰ ਬਰੀ ਕਰ ਦਿੱਤਾ ਗਿਆ। 2016 ਵਿੱਚ ਉਸ ਨੂੰ ਜੇਲ੍ਹ ਵਿੱਚੋਂ ਰਿਹਾਅ ਕਰ ਦਿੱਤਾ ਗਿਆ। ਇਸ ਘਟਨਾ ਨੂੰ ਅਜੇ ਵੀ ਕੈਨੇਡੀਅਨ ਇਤਿਹਾਸ ਦੀਆਂ ਬੁੱਕਸ ਵਿੱਚ ਸ਼ਾਮਲ ਨਹੀਂ ਕੀਤਾ ਗਿਆ ਹੈ।





















# ਓਹਾਇਓ ਦੇ ਸਿੱਖਾਂ ਨੇ ਸਿੱਖ ਧਰਮ ਨੂੰ ਸਕੂਲੀ ਪਾਠਕ੍ਰਮ ਵਿਚ ਸ਼ਾਮਲ ਕਰਵਾਉਣ ਲਈ ਕੀਤੀ ਪਹਿਲ



ਕੋਲੰਬਸ, ਓਹਾਇਓ, 25 ਜੂਨ (ਪੋਸਟ ਬਿਊਰੋ): ਬੀਤੇ ਦਿਨੀਂ ਅਮਰੀਕਾ ਦੇ ਓਹਾਇਓ ਸੂਬੇ ਦੀ ਰਾਜਧਾਨੀ ਕੋਲੰਬਸ ਵਿੱਚ ਸਿੱਖ ਕੋਲੀਸ਼ਨ ਵਲੋਂ ਦਿੱਤੇ ਗਏ ਸੱਦੇ 'ਤੇ ਕੋਲੰਬਸ, ਸਿਨਸਿਨਾਟੀ, ਡੇਟਨ, ਕਲੀਵਲੈਂਡ ਤੇ ਹੋਰਨਾਂ ਸ਼ਹਿਰਾਂ ਤੋਂ ਵੱਡੀ ਗਿਣਤੀ ਵਿੱਚ ਸਿੱਖ ਓਹਾਇਓ ਸਟੇਟ ਹਾਊਸ ਪ੍ਹੁੰਜੇ। ਇੱਥੇ ਉਹਨਾਂ ਨੇ ਸੂਬੇ ਦੇ ਵੱਖ-ਵੱਖ ਪਾਰਟੀਆਂ ਦੇ ਚੁਣੇ ਹੋਏ ਪ੍ਰਤੀਨਿਧਾਂ ਨੂੰ ਹਾਊਸ ਬਿੱਲ 171 ਦੇ ਹੱਕ ਵਿੱਚ ਵੋਟਾਂ



ਪਾਉਣ ਦੀ ਅਪੀਲ ਕੀਤੀ। ਇਹ ਬਿੱਲ ਓਹਾਇਓ ਸੂਬੇ ਦੀ ਡੀਸਟ੍ਰਿਕਟ 4 ਦੇ ਪ੍ਰਤੀਨਿਧ (ਰਿਪਰੀਜ਼ੈਨਟੇਟਿਵ) ਮੈਰੀ ਲਾਈਟਬੋਡੀ ਜੋ ਕਿ ਡੇਮੋਕਰੇਟ ਪਾਰਟੀ ਤੋਂ ਹਨ ਵਲੋਂ ਪੇਸ਼ ਕੀਤਾ ਗਿਆ ਹੈ। ਇਸ ਬਿੱਲ ਵਿੱਚ ਏਸ਼ੀਅਨ ਅਮਰੀਕੀ ਤੇ ਪੈਸੀਫਿਕ ਆਈਲੈਂਡ ਕਮਿਊਨਿਟੀ ਬਾਰੇ ਸਮਾਜਿਕ ਵਿਗਿਆਨ ਵਿੱਚ ਜਾਣਕਾਰੀ ਸ਼ਾਮਲ ਕਰਨ ਦੀ ਵਿਵਸਥਾ ਹੈ। ਡਾ. ਚਰਨਜੀਤ ਸਿੰਘ ਗੁਮਟਾਲਾ ਨੇ ਦੱਸਿਆ ਕਿ ਜੇ ਇਹ ਬਿੱਲ ਪਾਸ ਹੋ ਜਾਂਦਾ ਹੈ ਤਾਂ ਇਸ ਨਾਲ ਏਸ਼ੀਅਨ ਖਿੱਤੇ ਦੇ ਵੱਖ-ਵੱਖ ਭਾਈਚਾਰਿਆਂ ਦੀ ਜਾਣਕਾਰੀ ਸਮੇਤ ਸਿੱਖ ਧਰਮ ਬਾਰੇ ਵੀ ਜਾਣਕਾਰੀ ਸਕੂਲ ਦੇ ਪਾਠਕ੍ਰਮ ਵਿੱਚ ਸ਼ਾਮਲ ਹੋ ਸਕੇਗੀ। ਇਸ ਨਾਲ ਸਿੱਖ ਬੱਚਿਆਂ ਨਾਲ ਸਿੱਖ ਕੱਕਾਰਾਂ ਬਾਰੇ ਕੀਤੀ ਜਾਂਦੀ ਛੇੜਖਾਣੀ ਨੂੰ ਵੀ ਠੱਲ ਪਵੇਗੀ।

ਓਹਾਇਓ ਦੇ ਸਿੱਖਾਂ ਨੇ ਵੱਖ-ਵੱਖ ਵਫਦ ਬਣਾ ਕੇ ਹਾਊਸ ਦੇ ਪ੍ਰਤੀਨਿਧ ਜੈਨੀਫਰ ਗਰੋਸ, ਏਲੀਅਟ ਫੋਰਹੈਨ, ਸੇਡਰਿਕ ਡੈਨਸਨ ਸਮੇਤ ਕਈ ਹੋਰਨਾਂ ਨਾਲ ਮੁਲਾਕਾਤ ਕਰਕੇ ਬਿੱਲ ਦੇ ਹੱਕ ਵਿੱਚ ਵੋਟ ਪਾਉਣ ਦੀ ਅਪੀਲ ਕੀਤੀ।

ਇੱਥੇ ਵਰਨਣਯੋਗ ਹੈ ਕਿ ਸੂਬੇ ਦੇ ਵੱਖ-ਵੱਖ ਗੁਰਦੁਆਰਿਆਂ ਵਲੋਂ ਵੀ ਇਸ ਬਿੱਲ ਦੇ ਹੱਕ ਵਿੱਚ ਦਸਤਖਤੀ ਮੁਹਿੰਮ ਅਰੰਭੀ ਗਈ ਤੇ ਆਪਣੇ ਆਪਣੇ ਇਲਾਕੇ ਦੇ ਨੁਮਾਇੰਦਿਆਂ ਨੂੰ ਮੰਗ ਪੱਤਰ ਦਿੱਤੇ ਗਏ। ਸਿੱਖ ਕੋਲੀਸ਼ਨ ਦੇ ਕਮਿਊਨਿਟੀ ਡਵੈਲਟਮੈਂਟ ਮੈਨੇਜਰ ਯਸ਼ਪ੍ਰੀਤ ਸਿੰਘ ਅਤੇ ਵਕੀਲ ਮਰੀਸਾ ਰੋਸੇਟੀ ਨੇ ਇਸ ਬਿੱਲ ਸੰਬੰਧੀ ਸਿੱਖ ਭਾਈਚਾਰੇ ਨਾਲ ਜਾਣਕਾਰੀ ਸਾਂਝੀ ਕੀਤੀ।

## ਅਮਰੀਕਾ ਵਿਚ ਰੀਨਿਊ ਹੋਵੇਗਾ ਐੱਚ-1ਬੀ ਵੀਜ਼ਾ




ਵਾਸ਼ਿੰਗਟਨ, 25 ਜੂਨ (ਪੋਸਟ ਬਿਊਰੋ): ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਾਸ਼ਿੰਗਟਨ ਦੇ ਰੀਗਨ ਸੈਂਟਰ ਵਿਖੇ ਭਾਰਤੀ ਪ੍ਰਵਾਸੀਆਂ ਨੂੰ ਸੰਬੋਧਨ ਕਰਦਿਆਂ ਭਾਰਤ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਇਹ ਫੈਸਲਾ ਕੀਤਾ ਗਿਆ ਹੈ ਕਿ ਤੁਹਾਨੂੰ ਐੱਚ-1ਬੀ ਵੀਜ਼ਾ ਰੀਨਿਊ ਕਰਨ ਲਈ ਅਮਰੀਕਾ ਤੋਂ ਬਾਹਰ ਨਹੀਂ ਜਾਣਾ ਪਵੇਗਾ। ਐੱਚ-1ਬੀ ਵੀਜ਼ਾ (-1 ) ਹੁਣ ਅਮਰੀਕਾ ਵਿਚ ਰਹਿੰਦਿਆਂ ਰੀਨਿਊ ਹੋਵੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਇਸ ਸਾਲ ਸਿਆਟਲ ਵਿੱਚ ਇੱਕ ਨਵਾਂ ਕੌਂਸਲੇਟ ਖੋਲ੍ਹਣ ਜਾ ਰਿਹਾ ਹੈ। ਇਸ ਤੋਂ ਇਲਾਵਾ ਅਮਰੀਕਾ ਦੇ ਦੋ ਹੋਰ ਸ਼ਹਿਰਾਂ ਵਿੱਚ ਭਾਰਤੀ ਕੌਂਸਲੇਟ ਖੋਲ੍ਹੇ ਜਾਣਗੇ।

ਅਮਰੀਕੀ ਸਰਕਾਰ ਹਰ ਸਾਲ ਵੱਖ-ਵੱਖ ਕੰਪਨੀਆਂ ਨੂੰ 65-85 ਹਜ਼ਾਰ ਐੱਚ-1ਬੀ (-1 ) ਵੀਜ਼ਾ ਦਿੰਦੀ ਹੈ। ਜਿਸ ਦੀ ਮਦਦ ਨਾਲ ਕੰਪਨੀਆਂ ਵਿਦੇਸ਼ਾਂ ਤੋਂ ਹੁਨਰਮੰਦ ਕਾਮਿਆਂ ਨੂੰ ਨੌਕਰੀਆਂ ਦੇ ਸਕਦੀਆਂ ਹਨ। ਇਨ੍ਹਾਂ ਤੋਂ ਇਲਾਵਾ ਅਮਰੀਕੀ ਸਰਕਾਰ ਵੱਲੋਂ ਐਡਵਾਂਸ ਡਿਗਰੀ ਧਾਰਕਾਂ ਲਈ ਕੰਪਨੀਆਂ ਨੂੰ 20,000 ਵਾਧੂ ਵੀਜ਼ੇ ਦਿੱਤੇ ਜਾਂਦੇ ਹਨ। ਇਸ ਵੀਜ਼ੇ ਦੀ ਮਾਨਤਾ 3 ਸਾਲਾਂ ਲਈ ਹੁੰਦੀ ਹੈ ਅਤੇ ਹੋਰ ਤਿੰਨ ਸਾਲਾਂ ਲਈ ਰੀਨਿਊ ਜਾ ਸਕਦਾ ਹੈ। ਐਚ-1ਬੀ ਵੀਜ਼ਾ ਦੀ ਵਰਤੋਂ ਕਰਨ ਵਾਲੀਆਂ ਕੰਪਨੀਆਂ ਵਿੱਚ ਇੰਫੋਸਿਸ, ਟਾਟਾ ਕੰਸਲਟੈਂਸੀ ਸਰਵਿਸਿਜ਼, ਐਮਾਜ਼ਾਨ, ਅਲਫਾਬੇਟ ਅਤੇ ਮੈਟਾ ਵਰਗੀਆਂ ਵੱਡੀਆਂ ਕੰਪਨੀਆਂ ਸ਼ਾਮਿਲ ਹਨ।

# ਸ਼੍ਰੋਮਣੀ ਕਮੇਟੀ ਦੀ ਸੋਮਵਾਰ ਨੂੰ ਹੋਣ ਵਾਲੀ ਮੀਟਿੰਗ ਮਹਿਜ਼ ਖ਼ਾਨਾਪੂਰਤੀ, ਪ੍ਰਧਾਨ ਵੱਲੋਂ ਬਾਦਲਾਂ ਦਾ ਪਹਿਲਾਂ ਤੋਂ ਤੈਅ ਫੈਸਲਾ ਸੁਣਾਇਆ ਜਾਵੇਗਾ : ਮੁੱਖ ਮੰਤਰੀ

**ਕਿਹਾ, ਭਲਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਬਾਦਲ ਪਰਿਵਾਰ ਦੇ ਪਹਿਲਾਂ ਤੋਂ ਹੀ ਲਏ ਫੈਸਲੇ ਦਾ ਕੀਤਾ ਜਾਵੇਗਾ ਐਲਾਨ ਸ਼੍ਰੋਮਣੀ ਕਮੇਟੀ ਅਕਾਲੀ ਦਲ ਦੇ ਹੱਥਾਂ ਦੀ ਕਠਪੁਤਲੀ ਬਣ ਕੇ ਰਹਿ ਗਈ**



ਚੰਡੀਗੜ੍ਹ, 25 ਜੂਨ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਸੋਮਵਾਰ ਨੂੰ ਆਪਣੇ ਆਕਾਵਾਂ ਦੇ ਨਿਰਦੇਸ਼ਾਂ ਅਨੁਸਾਰ ਪਹਿਲਾਂ ਤੋਂ ਤੈਅ ਕੀਤੇ ਗਏ ਫੈਸਲੇ ਦਾ ਐਲਾਨ ਕਰੇਗੀ। ਅੱਜ ਇੱਥੇ ਜਾਰੀ ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮੰਦਭਾਗੀ ਗੱਲ ਹੈ ਕਿ ਸਿੱਖਾਂ ਦੀ ਪ੍ਰਮੁੱਖ ਸੰਸਥਾ ਹੁਣ ਆਪਣੇ ਆਕਾਵਾਂ ਦੇ ਹੱਥਾਂ ਦੀ ਕਠਪੁਤਲੀ ਬਣ ਕੇ ਰਹਿ ਗਈ ਹੈ। ਉਨ੍ਹਾਂ ਕਿਹਾ ਕਿ ਇਹ ਮੀਟਿੰਗ ਸਿਰਫ਼ ਇੱਕ ਢੌਂਗ ਹੈ ਕਿਉਂਕਿ ਅਕਾਲੀ ਲੀਡਰਸ਼ਿਪ ਵੱਲੋਂ ਪਹਿਲਾਂ ਹੀ ਇਸ ਸਬੰਧੀ ਫੈਸਲਾ ਕੀਤਾ ਜਾ ਚੁੱਕਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਬਾਰੇ ਫੈਸਲਾ ਹੋ ਚੁੱਕਾ ਹੈ ਅਤੇ ਐਲਾਨ ਸਿਰਫ਼ ਦਿਖਾਵੇ ਲਈ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਨੂੰ ਪਹਿਲਾਂ ਹੀ ਅਕਾਲੀ ਦਲ ਦੇ ਦਫ਼ਤਰ ਵਿੱਚ ਤਲਬ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਮੀਟਿੰਗ ਵਿੱਚ ਹਾਜ਼ਰ ਅਕਾਲੀ ਆਗੂ ਮਲੂਕਾ, ਚੰਦੂਮਾਜਰਾ, ਭੂੰਦੜ, ਚੀਮਾ, ਗਾਬੜੀਆ ਅਤੇ ਹੋਰਾਂ ਵੱਲੋਂ ਪ੍ਰਧਾਨ ਨੂੰ ਸਿਰਫ਼ ਬਾਦਲ ਪਰਿਵਾਰ ਦੇ ਫੈਸਲੇ ਤੋਂ ਜਾਣੂੰ ਕਰਵਾਇਆ ਗਿਆ। ਭਗਵੰਤ ਮਾਨ ਨੇ ਕਿਹਾ ਕਿ ਇਹ ਆਗੂ ਸਿੱਖ ਗੁਰਦੁਆਰਾ ਸੋਧ ਬਿੱਲ 2023 ਦੇ ਵਿਰੋਧ ਸਬੰਧੀ ਬਾਦਲ ਪਰਿਵਾਰ ਦੇ ਫੈਸਲੇ ਤੋਂ ਪ੍ਰਧਾਨ ਨੂੰ ਜਾਣੂ ਕਰਵਾ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਫੈਸਲਾ ਬਾਦਲ ਪਰਿਵਾਰ ਵੱਲੋਂ ਹੀ ਤੈਅ ਕੀਤਾ ਅਤੇ ਸੁਣਾਇਆ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਭਲਕੇ ਪਹਿਲਾਂ ਤੋਂ ਨਿਰਧਾਰਤ ਫੈਸਲੇ ਦਾ ਐਲਾਨ ਕੀਤਾ ਜਾਵੇਗਾ। ਭਗਵੰਤ ਮਾਨ ਨੇ ਕਿਹਾ ਕਿ ਫੈਸਲਾ ਤਾਂ ਹੋ ਹੀ ਚੁੱਕਾ ਹੈ ਅਤੇ ਭਲਕੇ ਪ੍ਰਧਾਨ ਵੱਲੋਂ ਇਸ ਬਾਰੇ ਸਿਰਫ਼ ਐਲਾਨ ਕੀਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਵਿਧਾਨ ਸਭਾ ਪਹਿਲਾਂ ਹੀ ਸਿੱਖ ਗੁਰ-ਦੁਆਰਾ ਸੋਧ ਬਿੱਲ 2023 ਪਾਸ ਕਰ ਚੁੱਕੀ ਹੈ ਜਿਸ ਨੂੰ ਪ੍ਰਵਾਨਗੀ ਲਈ ਰਾਜਪਾਲ ਨੂੰ ਭੇਜਿਆ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਬਿੱਲ ਸ੍ਰੀ ਹਰਿਮੰਦਰ ਸਾਹਿਬ ਤੋਂ ਪਵਿੱਤਰ ਗੁਰਬਾਣੀ ਦਾ ਪ੍ਰਸਾਰਣ ਸਾਰੇ ਆਡੀਓ/ਵੀਡੀਓ ਪਲੇਟਫਾਰਮਾਂ 'ਤੇ ਮੁਫ਼ਤ ਕਰਨ ਬਾਰੇ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਦੇ ਇਸ ਫੈਸਲੇ ਦਾ ਪਹਿਲਾਂ ਹੀ ਸਮਾਜ ਦੇ ਹਰ ਵਰਗ ਵੱਲੋਂ ਸਵਾਗਤ ਕੀਤਾ ਜਾ ਰਿਹਾ ਹੈ।

# ਪੰਜਾਬ ਪੁਲਿਸ ਵੱਲੋਂ ਲਖਬੀਰ ਲੰਡਾ, ਹਰਵਿੰਦਰ ਰਿੰਦਾ ਦੇ ਸਾਥੀਆਂ ਦੇ ਟਿਕਾਣਿਆਂ 'ਤੇ ਸੂਬਾ ਪੱਧਰੀ ਛਾਪੇਮਾਰੀ

*** ਤਰਨਤਾਰਨ ਪੁਲਿਸ ਨੇ ਰਿੰਦਾ ਦੇ ਦੋ ਸਾਥੀਆਂ ਨੂੰ ਕੀਤਾ ਗ੍ਰਿਫ਼ਤਾਰ; ਦੋ ਪਿਸਤੌਲ ਬਰਾਮਦ *ਲੰਡਾ ਅਤੇ ਰਿੰਦਾ ਨਾਲ ਸਬੰਧਤ ਸਾਰੇ ਟਿਕਾਣਿਆਂ 'ਤੇ 2000 ਪੁਲਿਸ ਮੁਲਾਜ਼ਮਾਂ ਵਾਲੀਆਂ 364 ਪੁਲਿਸ ਟੀਮਾਂ ਨੇ ਕੀਤੀ ਛਾਪੇਮਾਰੀ**





ਚੰਡੀਗੜ੍ਹ, 25 ਜੂਨ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਅਪਰਾਧ ਮੁਕਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ ਗੈਂਗਸਟਰ-ਅੱਤਵਾਦੀ ਗਠਜੋੜ ਵਿਰੁੱਧ ਵੱਡੀ ਕਾਰਵਾਈ ਕਰਦਿਆਂ ਪੰਜਾਬ ਪੁਲਿਸ ਨੇ ਅੱਜ ਗੈਂਗਸਟਰਾਂ ਤੋਂ ਅੱਤਵਾਦੀ ਬਣੇ ਲਖਬੀਰ ਸਿੰਘ ਉਰਫ਼ ਲੰਡਾ ਅਤੇ ਹਰਵਿੰਦਰ ਸਿੰਘ ਉਰਫ਼ ਰਿੰਦਾ ਦੇ ਸਾਥੀਆਂ ਦੇ ਸ਼ੱਕੀ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਇਹ ਛਾਪੇਮਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇਕੋ ਸਮੇਂ ਸਵੇਰੇ 6 ਵਜੇ ਤੋਂ ਸਵੇਰੇ 11 ਵਜੇ ਤੱਕ ਕੀਤੀ ਗਈ, ਜਿਸ ਦੌਰਾਨ ਇਹਨਾਂ ਦੋਵਾਂ ਅਪਰਾਧੀਆਂ ਦੇ ਸਾਥੀਆਂ ਦੇ ਸਾਰੇ ਰਿਹਾਇਸ਼ੀ ਅਤੇ ਹੋਰ ਟਿਕਾਣਿਆਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ।

ਸਪੈਸ਼ਲ ਡੀਜੀਪੀ ਲਾਅ ਐਂਡ ਆਰਡਰ ਅਰਪਿਤ ਸ਼ੁਕਲਾ ਨੇ ਕਿਹਾ ਕਿ ਸਾਰੇ ਸੀਪੀਜ਼/ਐਸਐਸਪੀਜ਼ ਨੂੰ ਇਸ ਆਪ੍ਰੇਸ਼ਨ ਨੂੰ ਸਫ਼ਲ ਬਣਾਉਣ ਲਈ ਮਜ਼ਬੂਤ ਪੁਲਿਸ ਟੀਮਾਂ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ, ਜਿਸਦਾ ਉਦੇਸ਼ ਭਾਰਤ ਅਤੇ ਵਿਦੇਸ਼ ਅਧਾਰਿਤ ਅੱਤਵਾਦੀਆਂ, ਗੈਂਗਸਟਰਾਂ ਅਤੇ ਨਸ਼ਾ ਤਸਕਰਾਂ ਦਰਮਿਆਨ ਗਠਜੋੜ ਨੂੰ ਤੋੜਨਾ ਸੀ। ਉਨ੍ਹਾਂ ਕਿਹਾ ਕਿ ਪੁਲਿਸ ਟੀਮਾਂ ਨੂੰ ਕਾਰਵਾਈ ਦੌਰਾਨ ਸ਼ੱਕੀ ਵਿਅਕਤੀਆਂ ਨੂੰ ਪੁੱਛਗਿੱਛ ਲਈ ਹਿਰਾਸਤ ਵਿੱਚ ਲੈਣ ਲਈ ਵੀ ਕਿਹਾ ਗਿਆ ਸੀ।

ਇਸ ਆਪ੍ਰੇਸ਼ਨ ਦੌਰਾਨ ਕਰੀਬ 2000 ਪੁਲਿਸ ਮੁਲਾਜ਼ਮਾਂ ਵਾਲੀਆਂ ਪੰਜਾਬ ਪੁਲਿਸ ਦੀਆਂ 364 ਟੀਮਾਂ ਵੱਲੋਂ ਲੰਡਾ ਅਤੇ ਰਿੰਦਾ ਨਾਲ ਸਬੰਧਤ ਸਾਰੀਆਂ ਪ੍ਰਮੁੱਖ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਗਈ।

ਸਪੈਸ਼ਲ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਅੱਜ ਦੀ ਤਲਾਸ਼ੀ ਮੁਹਿੰਮ ਦੀ ਯੋਜਨਾ ਲਖਬੀਰ ਲੰਡਾ ਅਤੇ ਹਰਵਿੰਦਰ ਰਿੰਦਾ ਦੀ ਹਮਾਇਤ ਵਾਲੇ ਮਾਡਿਊਲਾਂ ਦਾ ਹਾਲ ਹੀ ਵਿੱਚ ਪਰਦਾਫਾਸ਼ ਕਰਕੇ ਗ੍ਰਿਫ਼ਤਾਰ ਕੀਤੇ ਕਈ ਵਿਅਕਤੀਆਂ ਤੋਂ ਪੁੱਛਗਿੱਛ ਉਪਰੰਤ ਬਣਾਈ ਗਈ ਸੀ।
ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੌਰਾਨ ਅਗਲੇਰੀ ਜਾਂਚ ਲਈ ਕਈ ਵਿਅਕਤੀਆਂ ਨੂੰ ਪੁੱਛਗਿੱਛ ਵਾਸਤੇ ਹਿਰਾਸਤ ਵਿੱਚ ਵੀ ਲਿਆ ਗਿਆ ਹੈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਅਪਰਾਧਕ ਸਮੱਗਰੀ ਬਰਾਮਦ ਵੀ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਤਲਾਸ਼ੀ ਮੁਹਿੰਮ ਦੌਰਾਨ ਇਕੱਤਰ ਕੀਤੀ ਸਮੱਗਰੀ ਅਤੇ ਅੰਕੜਿਆਂ ਦੀ ਹੋਰ ਜਾਂਚ ਕੀਤੀ ਜਾ ਰਹੀ ਹੈ।

ਜ਼ਿਕਰਯੋਗ ਹੈ ਕਿ ਅਜਿਹੇ ਛਾਪੇ ਸਮਾਜ ਵਿਰੋਧੀ ਅਨਸਰਾਂ ਵਿੱਚ ਡਰ ਪੈਦਾ ਕਰਨ ਵਿੱਚ ਮਦਦ ਕਰਦੇ ਹਨ, ਜਦੋਂ ਕਿ ਆਮ ਲੋਕਾਂ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਦੇ ਹਨ।

# ਪੰਜਾਬ ਪੁਲਿਸ ਵੱਲੋਂ ਲਾਰੇਂਸ ਬਿਸ਼ਨੋਈ ਗੈਂਗ ਦੇ ਨਾਮ ਹੇਠ ਜਬਰੀ ਵਸੂਲੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼, ਇੱਕ ਸੰਚਾਲਕ ਪਿਸਤੌਲ ਸਮੇਤ ਕਾਬੂ

**ਪੁਲਿਸ ਟੀਮਾਂ ਵੱਲੋਂ ਅਮੀਰ ਵਿਅਕਤੀਆਂ ਨੂੰ ਜਬਰੀ ਵਸੂਲੀ ਅਤੇ ਧਮਕੀ ਭਰੀਆਂ ਕਾਲਾਂ ਕਰਨ ਵਾਲੇ ਇੱਕ ਹੋਰ ਸੰਚਾਲਕ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਜਾਰੀ**




ਚੰਡੀਗੜ੍ਹ, 25 ਜੂਨ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ, ਪੰਜਾਬ ਪੁਲਿਸ ਨੇ ਬਦਨਾਮ ਲਾਰੈਂਸ ਬਿਸ਼ਨੋਈ ਗੈਂਗ ਦੇ ਨਾਮ ਹੇਠ ਫਿਰੌਤੀ ਮੰਗਣ ਵਾਲੇ ਗਿਰੋਹ ਦੇ ਇੱਕ ਮੈਂਬਰ ਨੂੰ ਟੀ.ਡੀ.ਆਈ. ਵੈਲਿੰਗਟਨ ਸਿਟੀ, ਸੈਕਟਰ-117, ਮੋਹਾਲੀ ਤੋਂ ਗ੍ਰਿਫ਼ਤਾਰ ਕਰਕੇ ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਜਬਰੀ ਵਸੂਲੀ ਕਰਨ ਵਾਲਾ ਇਹ ਗਿਰੋਹ ਮੋਹਾਲੀ, ਚੰਡੀਗੜ੍ਹ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਸਰਗਰਮ ਸੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਵਿਸ਼ਾਲ ਕੁਮਾਰ (19) ਵਾਸੀ ਮਲੋਆ ਚੰਡੀਗੜ੍ਹ ਵਜੋਂ ਹੋਈ ਹੈ ਜੋ ਸਥਾਨਕ ਸੈਲੂਨ ਵਿੱਚ ਕੰਮ ਕਰਦਾ ਸੀ। ਪੁਲੀਸ ਟੀਮਾਂ ਨੇ ਉਸ ਕੋਲੋਂ .32 ਬੋਰ ਦਾ ਪਿਸਤੌਲ ਅਤੇ ਦੋ ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਹਨ।

ਏਆਈਜੀ ਐਸਐਸਓਸੀ ਐਸਏਐਸ ਮੋਹਾਲੀ ਅਸ਼ਵਨੀ ਕਪੂਰ ਨੇ ਦੱਸਿਆ ਕਿ ਲਾਰੈਂਸ ਬਿਸ਼ਨੋਈ ਗੈਂਗ ਨਾਲ ਸਬੰਧਤ ਹੋਣ ਦਾ ਦਾਅਵਾ ਕਰਨ ਵਾਲੇ ਵਿਅਕਤੀ ਵੱਲੋਂ ਜਬਰੀ ਵਸੂਲੀ ਦੀਆਂ ਕੋਸ਼ਿਸ਼ਾਂ ਅਤੇ ਧਮਕੀ ਭਰੀਆਂ ਫੋਨ ਕਾਲਾਂ ਸਬੰਧੀ ਕਈ ਰਿਪੋਰਟਾਂ ਮਿਲਣ ਉਪਰੰਤ, ਪੰਜਾਬ ਪੁਲਿਸ ਨੇ ਇਸ ਮਾਮਲੇ ਦੀ ਵਿਆ-ਪਕ ਜਾਂਚ ਸ਼ੁਰੂ ਕੀਤੀ। ਉਨ੍ਹਾਂ ਅੱਗੇ ਦੱਸਿਆ ਕਿ ਖੁਫੀਆ ਜਾਣਕਾਰੀ ਇਕੱਠੀ ਕਰਨ ਉਪਰੰਤ, ਪੁਲਿਸ ਟੀਮਾਂ ਨੂੰ ਮੁੱਖ ਸ਼ੱਕੀ ਵਜੋਂ ਵਿਸ਼ਾਲ ਕੁਮਾਰ ਅਤੇ ਪਿੰਡ ਘੰਗਰੋਲੀ, ਸਮਾਣਾ, ਪਟਿਆਲਾ ਦੇ ਵਾਸੀ ਉਸ ਦੇ ਸਾਥੀ ਕਸ਼ਮੀਰ ਸਿੰਘ ਉਰਫ਼ ਬੌਬੀ ਦੀ ਪਛਾਣ ਕਰਨ ਵਿੱਚ ਸਫ਼ਲਤਾ ਮਿਲੀ।

ਉਨ੍ਹਾਂ ਦੱਸਿਆ ਕਿ ਭਰੋਸੇਮੰਦ ਜਾਣਕਾਰੀ ਉਪਰੰਤ, ਐਸਐਸਓਸੀ ਦੀਆਂ ਪੁਲਿਸ ਟੀਮਾਂ ਨੇ ਸ਼ੱਕੀ ਵਿਅਕਤੀਆਂ ਦੀਆਂ ਸੰਭਾਵਿਤ ਛੁਪਣਗਾਹਾਂ 'ਤੇ ਛਾਪੇਮਾਰੀ ਕੀਤੀ ਅਤੇ ਟੀਡੀਆਈ ਵੈਲਿੰਗਟਨ ਸਿਟੀ ਤੋਂ ਵਿਸ਼ਾਲ ਕੁਮਾਰ ਨੂੰ, ਜਦੋਂ ਉਹ ਕਸ਼ਮੀਰ ਸਿੰਘ ਉਰਫ਼ ਬੌਬੀ ਨੂੰ ਮਿਲਣ ਜਾ ਰਿਹਾ ਸੀ, ਸਫਲਤਾਪੂਰਵਕ ਗ੍ਰਿਫ਼ਤਾਰ ਕਰ ਲਿਆ। ਉਨ੍ਹਾਂ ਅੱਗੇ ਦੱਸਿਆ ਕਿ ਕਸ਼ਮੀਰ ਉਰਫ਼ ਬੌਬੀ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾ ਸਕਿਆ ਅਤੇ ਪੁਲਿਸ ਟੀਮਾਂ ਉਸ ਨੂੰ ਫੜਨ ਲਈ ਛਾਪੇਮਾਰੀ ਕਰ ਰਹੀਆਂ ਹਨ।

ਏ.ਆਈ.ਜੀ. ਕਪੂਰ ਨੇ ਦੱਸਿਆ ਕਿ ਕਸ਼ਮੀਰ ਉਰਫ਼ ਬੌਬੀ ਚੰਡੀਗੜ੍ਹ, ਮੋਹਾਲੀ ਅਤੇ ਹੋਰ ਆਸ-ਪਾਸ ਦੇ ਇਲਾਕਿਆਂ ਵਿੱਚ ਨਾਈਟ ਕਲੱਬਾਂ ਅਤੇ ਬਾਰਾਂ ਦੇ ਮਾਲਕਾਂ ਸਮੇਤ ਅਮੀਰ ਵਿਅਕਤੀਆਂ ਨੂੰ ਫੋਨ ਕਰ ਕੇ ਫਿਰੌਤੀ ਮੰਗਦਾ ਸੀ ਅਤੇ ਧਮਕੀਆਂ ਦਿੰਦਾ ਸੀ, ਜਦੋਂਕਿ ਵਿਸ਼ਾਲ ਇਨ੍ਹਾਂ ਵਿਅਕਤੀਆਂ ਤੋਂ ਫਿਰੌਤੀ ਦੀ ਰਕਮ ਵਸੂਲਣ ਲਈ ਉਨ੍ਹਾਂ ਨੂੰ ਡਰਾਉਂਦਾ ਧਮਕਾਉਂਦਾ ਸੀ।

ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਵਿਸ਼ਾਲ ਕੁਮਾਰ ਅਤੇ ਕਸ਼ਮੀਰ ਉਰਫ਼ ਬੌਬੀ ਨੇ "ਸਕੱਲ" ਕਲੱਬ, ਮੋਹਾਲੀ ਦੇ ਮਾਲਕ ਤੋਂ ਪੈਸੇ ਵਸੂਲ ਕਰਨ ਲਈ 11 ਮਈ, 2023 ਨੂੰ ਉਸਦੇ ਘਰ 'ਤੇ ਹਮਲਾ ਵੀ ਕੀਤਾ ਸੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਹੋਰ ਪੁੱਛਗਿੱਛ ਜਾਰੀ ਹੈ ਅਤੇ ਜਾਂਚ ਦੌਰਾਨ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

ਇਸ ਸਬੰਧੀ ਐਫ.ਆਈ.ਆਰ ਨੰ. 10 ਮਿਤੀ 24-06-2023 ਨੂੰ ਥਾਣਾ ਐੱਸ.ਐੱਸ.ਓ.ਸੀ. ਐੱਸ.ਏ.ਐੱਸ.ਨਗਰ ਵਿਖੇ ਅਸਲਾ ਐਕਟ ਦੀ ਧਾਰਾ 25, 54, 59 ਤਹਿਤ ਮਾਮਲਾ ਦਰਜ ਕੀਤਾ ਗਿਆ ਹੈ।


## NEEDED FULL-TIME CONSTRUCTION WORKER

*(Required Canadian Citizen or Permanent Resident)*

**Decon Construction Inc. is a small business in Brampton, ON L6X 2M1. We are professional, fast-paced, and demanding.** We are looking for a Construction Worker to join our team and assist in the completion of various construction projects. The ideal candidate for this position will have experience in the construction industry, be able to lift heavy objects, and have a strong work ethic. The successful candidate will be responsible for a variety of tasks, including demolition, digging trenches, mixing concrete, and cleaning up job sites.

**Responsibilities:**
- Load, unload and transport construction materials
- Operate mobile and tower cranes to lift, move, position or place equipment and materials
- Clean and lubricate cranes
- Erect and dismantle concrete forms, scaffolding, ramps, catwalks shoring and barricades
- Operate pile driving cranes to drive pilings into earth to provide support for buildings and other structures
- Mix, pour and spread materials
- Operate cranes equipped with dredging attachments to dredge waterways and other areas
- Assemble tower cranes on site
- Assist heavy equipment operators
- Operate gantry cranes to load and unload ship cargo at port side
- Assist in drilling and blasting rock on construction sites
- Assist in framing houses, erecting walls and building roofs
- Level earth to fine grade specifications
- Assist in demolishing buildings
- Perform pre-operational inspection, and calculate crane capacities and weight to prepare for rigging and hoisting
- Perform routine maintenance work
- Clean up chemical spills and other contaminants
- Remove rubble and other debris at construction sites
- Tend or feed machines or equipment used in construction
- Direct traffic at or near construction sites
- Read and interpret blueprints

**Additional Information**
Work conditions and physical capabilities
- Fast-paced environment
- Work under pressure
- Physically demanding
- Handling heavy loads
- Hand-eye co-ordination

**Personal suitability**
- Dependability
- Flexibility
- Reliability
- Team player

**Experience**
Experience an asset
Work site environment
- Outdoors
- At heights
- Noisy

**Job Type: Full-time**
**Salary: $27.00 per hour**

**Benefits:**
- Paid time off

**Flexible Language Requirement:**
- French not required

**Language:**
- English (preferred)

**Schedule:**
- Monday to Friday

**Supplemental pay types:**
- Overtime pay

**Ability to commute/relocate:**
- Brampton, ON L6X 2M1:
reliably commute or plan to relocate before starting work (required)

**Experience:**
- construction (preferred)

**Shift availability:**
- Day Shift (preferred)

**Work Location:** In person

**Submit Resume:**
naeem@decongroup.ca

# ਪੰਜਾਬ ਵਿੱਚ ਖੇਤੀ-ਮਸ਼ੀਨਰੀ 'ਤੇ ਸਬਸਿਡੀ ਦੇਣ ਦੀ ਪਹਿਲ ਨੂੰ ਮਿਲੇਗਾ ਹੁਲਾਰਾ, ਕਿਸਾਨ 20 ਜੁਲਾਈ ਤੱਕ ਕਰ ਸਕਦੇ ਹਨ ਅਪਲਾਈ

ਚੰਡੀਗੜ੍ਹ, 25 ਜੂਨ (ਪੋਸਟ ਬਿਊਰੋ): ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਸ ਭਗਵੰਤ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਵੱਲੋਂ ਕਿਸਾਨਾਂ ਦੀ ਆਮਦਨ ਵਧਾਉਣ ਲਈ ਸੂਬੇ ਵਿੱਚ ਖੇਤੀ ਵਿਭਿੰਨਤਾ ਅਤੇ ਖੇਤੀ-ਮਸ਼ੀਨਰੀ ਨੂੰ ਉਤਸ਼ਾਹਿਤ ਕਰਨ ਵਾਸਤੇ ਕੀਤੇ ਜਾ ਰਹੇ ਯਤਨਾਂ ਤਹਿਤ ਖੇਤੀਬਾੜੀ ਵਿਭਾਗ ਸੂਬੇ ਦੇ ਕਿਸਾਨਾਂ ਨੂੰ ਰਿਆਇਤੀ ਦਰਾਂ 'ਤੇ ਅਤਿ-ਆਧੁਨਿਕ ਖੇਤੀ-ਮਸ਼ੀਨਰੀ ਮੁਹੱਈਆ ਕਰਵਾਉਣ ਦੀ ਪਹਿਲਕਦਮੀ ਨੂੰ ਹੁਲਾਰਾ ਦੇਣ ਲਈ ਰਣਨੀਤੀ 'ਤੇ ਕੰਮ ਕਰ ਰਿਹਾ ਹੈ।।



ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਵਿਭਾਗ ਵੱਲੋਂ ਸਬ ਮਿਸ਼ਨ ਆਨ ਐਗਰੀਕਲਚਰਲ ਮਕੈਨਾਈਜ਼ੇਸ਼ਨ (ਸਮੈਮ) ਸਕੀਮ ਤਹਿਤ ਕਿਸਾਨਾਂ ਤੋਂ ਵੱਖ-ਵੱਖ ਖੇਤੀ ਮਸ਼ੀਨਰੀ 'ਤੇ ਸਬਸਿਡੀ ਦਾ ਲਾਭ ਲੈਣ ਲਈ ਅਰਜ਼ੀਆਂ ਮੰਗੀਆਂ ਗਈਆਂ ਹਨ। ਉਨ੍ਹਾਂ ਨੇ ਸੂਬੇ ਦੇ ਕਿਸਾਨਾਂ ਨੂੰ ਇਸ ਸਕੀਮ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ 20 ਜੁਲਾਈ, 2023 ਤੱਕ ਅਪਲਾਈ ਕਰਨ ਦੀ ਅਪੀਲ ਕੀਤੀ ਹੈ। ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਦੇ ਕਿਸਾਨ ਇਸ ਸਕੀਮ ਦਾ ਲਾਭ ਲੈਣ ਲਈ ਵਿਭਾਗ ਦੇ ਪੋਰਟਲ . ਉਤੇ 20 ਜੁਲਾਈ, 2023 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ।

ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਇਹ ਸਬਸਿਡੀ ਪੈਡੀ ਟਰਾਂਸਪਲਾਂਟਰਜ਼, ਡੀ.ਐਸ.ਆਰ. ਡਰਿੱਲ, ਪੋਟੈਟੋ ਪਲਾਂਟਰ (ਆਟੋਮੈਟਿਕ/ਸੈਮੀ-ਆਟੋਮੈਟਿਕ), ਟਰੈਕਟਰ ਆਪਰੇਟਿਡ ਬੂਮ ਸਪਰੇਅਰ, ਪੀ.ਟੀ.ਓ. ਆਪਰੇਟਿਡ ਬੰਡ ਫੋਰਮਰ, ਆਇਲ ਮਿੱਲ, ਮਿੰਨੀ ਪ੍ਰੋਸੈਸਿੰਗ ਪਲਾਂਟ ਅਤੇ ਨਰਸਰੀ ਸੀਡਰ ਉਤੇ ਦਿੱਤੀ ਜਾ ਰਹੀ ਹੈ।

ਉਨ੍ਹਾਂ ਕਿਹਾ ਕਿ ਕਿਸਾਨ ਇਸ ਸਬੰਧੀ ਵਧੇਰੇ ਜਾਣਕਾਰੀ ਲਈ ਟੋਲ-ਫਰੀ ਨੰਬਰ 1800-180-1551 ਉਤੇ ਸੰਪਰਕ ਕਰ ਸਕਦੇ ਹਨ ਜਾਂ ਆਪੋ-ਆਪਣੇ ਜ਼ਿਲ੍ਹਿਆਂ ਦੇ ਖੇਤੀਬਾੜੀ ਦਫ਼ਤਰਾਂ ਵਿੱਚ ਜਾ ਕੇ ਇਸ ਬਾਰੇ ਵਧੇਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ।

ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਇਸ ਪਹਿਲਕਦਮੀ ਨਾਲ ਕਿਸਾਨਾਂ ਦੇ ਖੇਤੀ ਖਰਚੇ ਘਟਣਗੇ ਅਤੇ ਮਸ਼ੀਨ ਆਧਾਰਤ ਖੇਤੀ ਨੂੰ ਅਪਣਾ ਕੇ ਕਿਸਾਨ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਨਾਲ ਖੇਤੀ ਸੈਕਟਰ ਵਿੱਚ ਪਾਣੀ ਦੀ ਬੱਚਤ ਸਬੰਧੀ ਤਕਨੀਕਾਂ, ਫ਼ਸਲੀ ਵਿਭਿੰਨਤਾ ਅਤੇ ਐੱਮ.ਐੱਸ.ਐੱਮ.ਈਜ਼ ਨੂੰ ਉਤਸ਼ਾਹਿਤ ਕਰਨ ਵਿੱਚ ਵੀ ਕਾਫ਼ੀ ਮਦਦ ਮਿਲੇਗੀ। ਉਨ੍ਹਾਂ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਸਾਰੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਨੂੰ ਯਕੀਨੀ ਬਣਾਇਆ ਜਾਵੇ।

# ਸੁਖਚੈਨ ਸਿੰਘ ਕਲਸਾਣੀ ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਕਾਰਜਕਾਰੀ ਪ੍ਰਧਾਨ ਨਿਯੁਕਤ

*ਸਿਮਰਨਜੀਤ ਸਿੰਘ ਸਕੱਤਰ ਤੇ ਇੰਦਰਜੋਧ ਸਿੰਘ ਬਣਾਏ ਮੀਤ ਪ੍ਰਧਾਨ * ਯੋਗਰਾਜ ਸਿੰਘ ਭਾਂਬਰੀ ਨੂੰ ਹੋਣਗੇ ਰਾਸ਼ਟਰੀ ਕੋਆਰਡੀਨੇਟਰ

ਚੰਡੀਗੜ੍ਹ, 24 ਜੂਨ (ਗਿਆਨ ਸਿੰਘ): ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐਨ.ਜੀ.ਏ.ਆਈ.) ਦੇ ਬਿਹਤਰ ਸੰਚਾਲਨ ਅਤੇ ਰੋਜ਼ਮਰਾ ਗਤੀਵਿਧੀਆਂ ਨੂੰ ਮਜ਼ਬੂਤ ਅਤੇ ਗਤੀਸ਼ੀਲ ਕਰਨ ਦੇ ਉਦੇਸ਼ ਨਾਲ ਦੇਸ਼ ਦੀ ਇਸ ਸਭ ਤੋਂ ਪੁਰਾਣੀ ਰਜਿਸਟਰਡ ਕੌਮੀ ਗੱਤਕਾ ਸੰਸਥਾ ਵਿੱਚ ਮਹੱਤਵਪੂਰਨ ਨਿਯੁਕਤੀਆਂ ਕੀਤੀਆਂ ਗਈਆਂ ਹਨ। ਐਸੋਸੀਏਸ਼ਨ ਦੇ ਮੌਜੂਦਾ ਮੀਤ ਪ੍ਰਧਾਨ ਸੁਖਚੈਨ ਸਿੰਘ ਕਲਸਾਣੀ (ਹਰਿਆਣਾ) ਨੂੰ ਕਾਰਜਕਾਰੀ ਪ੍ਰਧਾਨ ਦੇ ਮਾਣਮੱਤੇ ਆਹੁਦੇ ਨਾਲ ਨਿਵਾ-ਜਆ ਗਿਆ ਹੈ। ਐੱਨ.ਜੀ.ਏ.ਆਈ. ਦੇ ਸੰਯੁਕਤ ਸਕੱਤਰ ਇੰਦਰਜੋਧ ਸਿੰਘ ਅਤੇ ਰਾਸ਼ਟਰੀ ਕੋਆਰਡੀਨੇਟਰ ਸਿਮਰਨਜੀਤ ਸਿੰਘ ਨੂੰ ਕ੍ਰਮਵਾਰ ਉਪ ਪ੍ਰਧਾਨ ਅਤੇ ਕਾਰਜਕਾਰੀ ਸਕੱਤਰ ਵਜੋਂ ਪਦਉਨਤ ਕੀਤਾ ਗਿਆ ਹੈ।



ਇਸ ਤੋਂ ਇਲਾਵਾ ਐੱਨ.ਜੀ.ਏ.ਆਈ. ਦੇ ਕਾਰਜਕਾਰਨੀ ਮੈਂਬਰ ਤੇ ਨੈਸ਼ਨਲ ਕੋਚ ਯੋਗਰਾਜ ਸਿੰਘ ਭਾਂਬਰੀ ਨੂੰ ਸਿਮਰਨਜੀਤ ਸਿੰਘ ਦੀ ਤਰੱਕੀ ਤੋਂ ਬਾਅਦ ਖਾਲੀ ਪਈ ਅਸਾਮੀ 'ਤੇ ਰਾਸ਼ਟਰੀ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ।

ਇਹ ਅਹਿਮ ਫੈਸਲੇ ਵਿਸ਼ਵ ਗੱਤਕਾ ਫੈਡਰੇਸ਼ਨ (ਡਬਲਯੂ.ਜੀ.ਐਫ.) ਅਤੇ ਐਨ.ਜੀ.ਏ.ਆਈ. ਦੇ ਪ੍ਰਮੁੱਖ ਨੁਮਾਇੰਦਿਆਂ ਦੀ ਹੋਈ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਲਏ ਗਏ।

ਇਹ ਅਧਿਕਾਰਤ ਐਲਾਨ ਕਰਦਿਆਂ ਐਨ.ਜੀ.ਏ.ਆਈ. ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਅਤੇ ਵਿਸ਼ਵ ਗੱਤਕਾ ਫੈਡਰੇਸ਼ਨ ਦੇ ਜਨਰਲ ਸਕੱਤਰ ਡਾ: ਦੀਪ ਸਿੰਘ ਯੂ.ਐਸ.ਏ. ਨੇ ਕਿਹਾ ਕਿ ਇਹ ਤਿੰਨੋਂ ਸ਼ਖਸੀਅਤਾਂ ਲੰਮਾ ਸਮਾਂ ਗੱਤਕਾ ਖੇਡਦੇ ਹੋਏ ਰਾਸ਼ਟਰੀ ਕੋਚ ਬਣੇ। ਇਨ੍ਹਾਂ ਗੱਤਕਾ ਪ੍ਰਸ਼ਾਸਕਾਂ ਵੱਲੋਂ ਬੀਤੇ ਸਮੇਂ ਵਿੱਚ ਦਿਖਾਈ ਬਿਹਤਰ ਕਾਰਗੁਜ਼ਾਰੀ ਦੇ ਮੱਦੇਨਜ਼ਰ ਇਨ੍ਹਾਂ ਸਾਬਕਾ ਨਿਪੁੰਨ ਖਿਡਾਰੀਆਂ ਨੂੰ ਉਕਤ ਗੱਤਕਾ ਐਨ.ਐਸ.ਐਫ. ਦੇ ਉੱਚ ਪੱਧਰੀ ਪ੍ਰਬੰਧਕ ਅਹੁਦਿਆਂ 'ਤੇ ਨਿਯੁਕਤ ਕੀਤਾ ਗਿਆ ਹੈ।

ਕੌਮੀ ਪ੍ਰਧਾਨ ਗਰੇਵਾਲ ਨੇ ਐਨ.ਜੀ.ਏ.ਆਈ. ਦੇ ਕਾਰਜਕਾਰੀ ਪ੍ਰਧਾਨ ਅਤੇ ਸਕੱਤਰ ਨੂੰ ਪੂਰੇ ਦੇਸ਼ ਵਿੱਚ ਰਾਸ਼ਟਰੀ ਗੱਤਕਾ ਐਸੋਸੀਏਸ਼ਨ ਦੀਆਂ ਸਾਰੀਆਂ ਗਤੀਵਿਧੀਆਂ ਨੂੰ ਚਲਾਉਣ ਲਈ ਪੂਰੀਆਂ ਸ਼ਕਤੀਆਂ ਅਤੇ ਅਧਿਕਾਰ ਸੌਂਪੇ ਗਏ ਹਨ।

ਇੱਕ ਸਮਰਪਿਤ ਗੱਤਕਾ ਪ੍ਰਮੋਟਰ ਗਰੇਵਾਲ ਨੇ ਭਾਰਤ ਵਿੱਚ ਆਪਣੀਆਂ ਮਾਨਤਾ ਪ੍ਰਾਪਤ ਸਾਰੇ ਰਾਜਾਂ ਦੀਆਂ ਗੱਤਕਾ ਐਸੋਸੀਏਸ਼ਨਾਂ ਨੂੰ ਉਕਤ ਨਵੇਂ ਨਿਯੁਕਤ ਅਹੁਦੇਦਾਰਾਂ ਨੂੰ ਆਪਣਾ ਪੂਰਨ ਸਹਿਯੋਗ ਅਤੇ ਸਮਰਥਨ ਦੇਣ ਲਈ ਕਿਹਾ ਹੈ। ਉਨ੍ਹਾਂ ਸਮੂਹ ਰਾਜਾਂ ਨੂੰ ਆਪਣੇ ਜ਼ਿਲ੍ਹਾ ਪੱਧਰੀ ਅਤੇ ਰਾਜ ਪੱਧਰੀ ਗੱਤਕਾ ਟੂਰਨਾਮੈਂਟ ਪਹਿਲਾਂ ਤੋਂ ਨਿਰਧਾਰਤ ਗੱਤਕਾ ਕੈਲੰਡਰ ਅਨੁਸਾਰ ਜਲਦ ਮੁਕੰਮਲ ਕਰਵਾਉਣ ਲਈ ਵੀ ਆਖਿਆ ਹੈ। ਗਰੇਵਾਲ ਨੇ ਖੁਲਾਸਾ ਕੀਤਾ ਕਿ ਐਨ.ਜੀ.ਏ.ਆਈ. ਵੱਲੋਂ ਸਤੰਬਰ ਮਹੀਨੇ ਸਬ-ਜੂਨੀਅਰ, ਜੂਨੀਅਰ ਤੇ ਸੀਨੀਅਰ ਨੈਸ਼ਨਲ ਗੱਤਕਾ ਚੈਂਪੀਅਨਸ਼ਿਪਾਂ ਦਾ ਆਯੋਜਨ ਕੀਤਾ ਜਾਣਾ ਹੈ ਜਿੰਨਾਂ ਦੀਆਂ ਤਾਰੀਖਾਂ ਦਾ ਜਲਦੀ ਹੀ ਐਲਾਨ ਕਰ ਦਿੱਤਾ ਜਾਵੇਗਾ।


NEED A LAWYER ??
KAUR LAW OFFICE
Red Seal NOTARY

MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1


## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।


ਕੈਨੇਡੀਅਨ ਪੰਜਾਬੀ ਪੋਸਟ
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


## ਲੜਕੀ ਦੀ ਲੋੜ

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਜੱਟ ਸਿੱਖ ਸੰਧੂ ਲੜਕਾ, ਉਮਰ 33 ਸਾਲ, ਕੱਦ 5 ਫੁਟ, 11 ਇੰਚ, 12ਵੀਂ ਪਾਸ, ਵਰਕ ਪਰਮਿਟ ਦੋ ਸਾਲ, ਬ੍ਰੈਂਪਟਨ, ਪਿਤਾ ਵੀ ਇੱਥੇ, ਮਾਤਾ ਵੀ ਆ ਰਹੀ ਹੈ। ਇਕਲੌਤਾ ਲੜਕਾ, ਚੰਗੀ ਜਾਇਦਾਦ, ਨਸ਼ਿਆਂ ਤੋਂ ਬਿਲਕੁਲ ਰਹਿਤ, ਭੂਆਂ ਕੋਲ ਰਹਿੰਦਾ ਹੈ, ਲਈ ਯੋਗ ਲੜਕੀ ਸਿਟੀਜ਼ਨ, ਪੀ.ਆਰ. ਹੋਵੇ। ਹੋਣ ਜਾਣਕਾਰੀ ਲਈ ਸੰਪਰਕ ਕਰੋ: 647-631-9445

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com


You can Place Your Business Here (905)793-2202
To Reach Wider Audience
For more info Call 905-793-2202 or e-mail ads@punjabipost.ca


## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com


Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟਰਕਟਰ
647-998-7500 ਬਲਵਿੰਦਰ

STARLANE PAINTING
Residential • Commercial • Industrial
• Hotel • Motel • Exterior
• Interior • Spray Pointing
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਕੁੜੱਤਣ ਨਾਲ ਭਰਿਆਂ ਦੀ ਗੱਲ ਸੁਣਨੀ ਚਾਹੀਦੀ ਹੈ, ਪਰ ਨਗਾਰਖਾਨੇ ਵਿੱਚ ਤੂਤੀ ਦੀ ਆਵਾਜ਼ ਸੁਣੇਗਾ ਕੌਣ !



ਜਤਿੰਦਰ ਪਨੂੰ ਦੀ ਕਲਮ ਤੋਂ

ਅਸੀਂ ਭਾਰਤੀ ਅਤੇ ਪੰਜਾਬੀ ਲੋਕ ਇਸ ਪੱਖੋਂ ਚੰਗੇ ਹਾਂ ਕਿ ਅਸੀਂ ਬਹੁਤੀਆਂ ਗੱਲਾਂ ਦੀ ਪ੍ਰਵਾਹ ਨਹੀਂ ਕਰਦੇ। ਕਈ ਸਾਲ ਪਹਿਲਾਂ ਐਵੇਂ ਸੰਸਾਰ ਦੇ ਰਿਵਾਜਾਂ ਉੱਤੇ ਝਾਤੀ ਮਾਰਦਿਆਂ ਅਚਾਨਕ ਨਜ਼ਰ ਪੈ ਗਈ ਕਿ ਸੰਸਾਰ ਪੱਧਰ ਉੱਤੇ ਤੀਹ ਜੁਲਾਈ ਨੂੰ 'ਦੋਸਤੀ ਦਾ ਦਿਨ' (ਇੰਟਰਨੈਸ਼ਨਲ ਡੇਅ ਆਫ ਫਰੈਂਡਸ਼ਿਪ) ਮਨਾਇਆ ਜਾਂਦਾ ਹੈ। ਬਹੁਤ ਪਿਆਰੇ ਲੇਖਕ ਮਿੱਤਰ ਦਾ ਓਸੇ ਸਵੇਰੇ ਫੋਨ ਆਇਆ ਸੀ ਤੇ ਅਸੀਂ ਬਹੁਤ ਸਾਰੀਆਂ ਗੱਲਾਂ ਕੀਤੀਆਂ ਸਨ। ਮੈਨੂੰ ਇਸ ਦਿਨ ਬਾਰੇ ਪੜ੍ਹ ਕੇ ਖਿਆਲ ਆਇਆ ਕਿ ਉਸ ਬੜੇ ਪਿਆਰੇ ਦੋਸਤ ਨੂੰ ਇਸ ਦਿਨ ਦੀ ਵਧਾਈ ਦੇਣੀ ਚਾਹੀਦੀ ਹੈ ਅਤੇ ਮੈਂ ਝੱਟ ਉਸ ਦੇ ਫੋਨ ਉੱਤੇ ਇਸ ਬਾਰੇ ਸੁਨੇਹਾ ਭੇਜ ਦਿੱਤਾ। ਥੋੜ੍ਹੀ ਦੇਰ ਬਾਅਦ ਉਸ ਦਾ ਫੋਨ ਆਇਆ ਤਾਂ ਨੰਬਰ ਪੜ੍ਹ ਕੇ ਮੈਨੂੰ ਖੁਸ਼ੀ ਜਿਹੀ ਹੋਈ, ਪਰ ਉਹ ਅੱਗੋਂ ਮੈਨੂੰ ਇਹ ਆਖਣ ਲੱਗ ਪਿਆ ਕਿ ਇਹ ਅਮੀਰੀਆਂ ਮਾਣਨ ਵਾਲੇ ਦੇਸ਼ਾਂ ਦੇ ਲੋਕਾਂ ਦੇ ਚੋਂਚਲੇ ਜਿਹੇ ਹਨ, ਸਾਨੂੰ ਇਨ੍ਹਾਂ ਵਿੱਚ ਨਹੀਂ ਪੈਣਾ ਚਾਹੀਦਾ, ਛੱਤੀ ਸੌ ਦਿਨ ਮਿਥ ਛੱਡੇ ਹਨ, ਏਨਿਆਂ ਦਿਨਾਂ ਦੀ ਵਧਾਈ ਦੇਣ ਲੱਗੀਏ ਤਾਂ ਇਹ ਰਸਮਾਂ ਸਾਥੋਂ ਭੁਗਤਾਈਆਂ ਨਹੀਂ ਜਾਣੀਆਂ। ਉਸ ਨੇ ਇਹ ਵੀ ਕਹਿ ਦਿੱਤਾ ਕਿ ਜਿਹੜੇ ਲੋਕ ਇਸ ਤਰ੍ਹਾਂ ਦੀਆਂ ਰਸਮਾਂ ਭੁਗਤਾਉਂਦੇ ਹਨ, ਉਹ ਵੀ ਬੱਸ ਰਸਮਾਂ ਭੁਗਤਾਉਂਦੇ ਹਨ, ਅਗਲੇ ਦਿਨ ਸਭ ਭੁਲਾ ਦੇਂਦੇ ਹਨ ਅਤੇ ਇਨ੍ਹਾਂ ਦਿਨਾਂ ਪਿੱਛੇ ਅਸਲੀ ਭਾਵਨਾ ਬਾਰੇ ਸੋਚਣ ਜਾਂ ਉਸ ਨੂੰ ਅੱਗੇ ਵਧਾਉਣ ਲਈ ਕੁਝ ਕਦੇ ਨਹੀਂ ਕਰਦੇ। ਓਦੋਂ ਸ਼ਾਇਦ ਉਸ ਦੀਆਂ ਗੱਲਾਂ ਪੱਲੇ ਨਹੀਂ ਸਨ ਪਈਆਂ, ਪਰ ਅੱਜਕੱਲ੍ਹ ਸੰਸਾਰ ਦੀ ਹਾਲਤ ਦੇਖ ਕੇ ਕਈ ਕੁਝ ਸੋਚਣ ਲੱਗ ਜਾਈਦਾ ਹੈ।

ਇਸ ਹਫਤੇ ਇੱਕ ਦਿਨ ਯੂਰਪੀ ਦੇਸ਼ ਦੇ ਇੱਕ ਹਵਾਈ ਅੱਡੇ ਉੱਤੇ ਦੂਸਰੀ ਉਡਾਣਉਡੀਕਣਦੇ ਲਈ ਢਾਈ ਕੁ ਘੰਟੇ ਗੁਜ਼ਾਰਨੇ ਪਏ ਤਾਂ ਓਥੇ ਸਕਰੀਨਾਂ ਉੱਤੇ ਵਾਰ-ਵਾਰ ਇੱਕ ਸੰਦੇਸ਼ ਚੱਲ ਰਿਹਾ ਸੀ ਕਿ ਇਸ ਸੋਹਣੀ ਧਰਤੀ ਨੂੰ ਇਸ ਵਕਤ ਪਰਦੂਸ਼ਣ ਤੋਂ ਬਹੁਤ ਖਤਰੇ ਹਨ, ਸਾਨੂੰ ਸਾਰਿਆਂ ਨੂੰ ਪ੍ਰਦੂਸ਼ਣ ਰੋਕਣ ਲਈ ਕੰਮ ਕਰਨਾ ਚਾਹੀਦਾ ਹੈ। ਗੱਲ ਬਹੁਤ ਸਿਆਣੀ ਸੀ, ਪਰ ਉਹ ਸੰਦੇਸ਼ ਪੜ੍ਹਨ ਤੋਂ ਬਾਅਦਮੈਂ ਇਸ ਸੋਚ ਵਿੱਚ ਫਸ ਗਿਆ ਕਿ ਏਦਾਂ ਦੇ ਸੰਦੇਸ਼ ਵੰਡਣਵਾਲੇ ਖੁਦ ਹੀ ਇਸ ਉੱਤੇ ਅਮਲ ਕਰ ਲੈਣ ਤਾਂ ਬੜਾ ਕੁਝ ਹੋ ਸਕਦਾ ਹੈ, ਜਿਹੜਾ ਹੁੰਦਾ ਨਹੀਂ ਦਿੱਸਦਾ। ਉਸ ਹਵਾਈ ਅੱਡੇ ਤੋਂ ਰੋਜ਼ ਜਿੰਨੇ ਜਹਾਜ਼ ਉੱਡਦੇ ਹਨ, ਪਿਛਲੇ ਵੀਹ ਸਾਲਾਂ ਦਾ ਉਨ੍ਹਾਂ ਦਾ ਵੇਰਵਾ ਇਸ ਮਾਣ ਨਾਲ ਪੇਸ਼ ਕੀਤਾ ਗਿਆ ਸੀ ਕਿ ਹਵਾਈ ਅੱਡਾ ਹਰ ਸਾਲ ਇਸ ਗਿਣਤੀ ਵਿੱਚ ਵਾਧਾ ਕਰ ਰਿਹਾ ਹੈ। ਮੈਂ ਇਹ ਸੋਚਦਾ ਰਿਹਾ ਕਿ ਧਰਤੀ ਨੂੰ ਸਿਰਫ ਇਸ ਦੀ ਹਿੱਕ ਉੱਤੇਪਲਦੇ ਪਰਦੂਸ਼ਣ ਤੋਂ ਹੀ ਖਤਰਾ ਨਹੀਂ, ਆਕਾਸ਼ ਤੇ ਸਮੁੰਦਰਾਂ ਵਿੱਚਨਿੱਤਉੱਬਲਦੇ ਲਾਵੇ ਨਾਲ ਵਧਦੇ ਪਰਦੂਸ਼ਣ ਦੀ ਮਾਰ ਵੀ ਇਸ ਧਰਤੀ ਅਤੇ ਇਸ ਦੇ ਵਾਸੀਆਂ ਨੂੰ ਪੈਣੀ ਹੈ। ਮੈਂ ਉਸ ਹਵਾਈ ਅੱਡੇ ਤੋਂ ਹੁੰਦੀਆਂ ਉਡਾਣਾਂ ਦੀ ਗਿਣਤੀ ਪੜ੍ਹਨ ਪਿੱਛੋਂ ਸੰਸਾਰ ਦਾ ਅੰਕੜਾ ਪੜ੍ਹਨ ਲੱਗ ਪਿਆ। ਪਤਾ ਲੱਗਾ ਕਿ ਸਾਲ 2004 ਵਿੱਚ ਦੋ ਕਰੋੜ ਅਠੱਤੀ ਲੱਖ ਉਡਾਣਾਂਰੋਜ਼ ਹੁੰਦੀਆਂ ਸਨ, ਜਿਹੜੀਆਂ 2019 ਤੱਕ ਵਧ ਕੇ ਤਿੰਨ ਕਰੋੜ ਉਨਾਨਵੇਂ ਲੱਖ ਹੋ ਗਈਆਂ ਤੇ ਕੋਵਿਡ ਸ਼ੁਰੂ ਹੋਣ ਤੱਕ ਵਧ ਕੇ ਚਾਰ ਕਰੋੜ ਤਿੰਨ ਲੱਖ ਰੋਜ਼ਾਨਾ ਨੂੰ ਟੱਪ ਗਈਆਂ ਸਨ। ਜਿੰਨੇ ਮਰਜ਼ੀ ਪ੍ਰਬੰਧ ਕੀਤੇ ਜਾਣ, ਆਕਾਸ਼ ਵਿੱਚ ਉੱਡਦੇਇਨ੍ਹਾਂ ਜਹਾਜ਼ਾਂ ਨਾਲ ਵੀ ਹਰ ਪਲ ਪਰਦੂਸ਼ਣ ਵਿੱਚ ਵਾਧਾ ਹੋ ਰਿਹਾ ਹੈ ਤੇ ਇਨ੍ਹਾਂ ਨਾਲ ਪ੍ਰਦੂਸ਼ਤ ਹੁੰਦੇ ਆਕਾਸ਼ ਦਾ ਖਤਰਾ ਵੀ ਸੰਸਾਰ ਦੀ ਮਨੁੱਖਤਾ ਨੂੰ ਅੱਜ ਨਹੀਂ ਤਾਂ ਕੱਲ੍ਹ, ਕਿਸੇ ਨਾ ਕਿਸੇਅਣਗੌਲੇ ਰੂਪ ਵਿੱਚ ਭੁਗਤਣਾ ਜ਼ਰੂਰ ਪੈਣਾ ਹੈ।

ਉਸ ਉਡਾਣ ਤੋਂ ਵਿਹਲਾ ਹੁੰਦੇ ਸਾਰ ਜਦੋਂ ਮੈਂ ਬਾਕੀ ਖੇਤਰਾਂ ਵਿੱਚ ਹੁੰਦੇ ਪਰਦੂਸ਼ਣ ਤੇ ਸੰਸਾਰ ਭਰ ਵਿੱਚ ਮਨਾਏ ਜਾਂਦੇ ਖਾਸ ਦਿਨਾਂ ਬਾਰੇ ਸੋਚਣ ਲੱਗਾ ਤਾਂ ਹਰ ਪੱਖ ਸਾਨੂੰ ਅੱਜ ਦੇ ਮਨੁੱਖਾਂ ਨੂੰ 'ਗੁਫਤਾਰ ਦੇ ਗਾਜ਼ੀ' (ਸਿਰਫ ਗੱਲਾਂ ਕਰਨ ਅਤੇ ਅਮਲ ਵਿੱਚ ਕੁਝ ਨਾ ਕਰਨ ਵਾਲੇ) ਸਾਬਤ ਕਰਨ ਲਈ ਕਾਫੀ ਸੀ। ਬਹੁਤੇ ਲੋਕਾਂ ਨੂੰ ਪਤਾ ਨਹੀਂ ਹੋਵੇਗਾ ਕਿ ਮਾਰਚ ਦੀ ਬਾਈ ਤਰੀਕ ਨੂੰ ਸੰਸਾਰ ਵਿੱਚ 'ਪਾਣੀ ਬਚਾਉ' (ਸੇਵ ਵਾਟਰ) ਦਿਨ ਮਨਾਇਆ ਜਾਂਦਾ ਹੈ, ਪਰ ਸੰਸਾਰ ਦੇ ਹਰ ਦੇਸ਼ ਵਿੱਚ ਹਰ ਸਾਲ ਪੀਣ ਵਾਲੇ ਪਾਣੀ ਦਾ ਸੰਕਟ ਵਧੀ ਜਾਂਦਾ ਹੈ ਅਤੇ ਹੋਰ ਕੰਮਾਂ ਲਈ ਵਰਤੋਂ ਦੇ ਪਾਣੀ ਦਾ ਵੀ। ਸੰਸਾਰ ਦੇ ਲੋਕਾਂ ਲਈ ਇੱਕ ਦਿਨ ਬਾਈ ਅਪਰੈਲ 'ਸੇਵ ਅਰਥ' (ਧਰਤੀ ਬਚਾਉ ਦਿਵਸ) ਵਜੋਂ ਵੀ ਮਨਾਇਆ ਜਾਂਦਾ ਹੈ, ਪਰ ਉਸ ਦਿਨ ਸਾਨੂੰ ਇਹ ਸੋਚਣ ਦੀ ਲੋੜ ਮਹਿਸੂਸ ਨਹੀਂ ਹੁੰਦੀ ਕਿ ਧਰਤੀ ਬਚਾਉਣ ਲਈ ਕੀ ਕਰਨਾ ਚਾਹੀਦਾ ਹੈ, ਬਹੁਤ ਵੱਡੀ ਗੱਲ ਇਹ ਕੀਤੀ ਜਾਂਦੀ ਹੈ ਕਿ ਕੁਝ ਸੰਸਥਾਵਾਂ ਛੋਟਾ-ਮੋਟਾ ਸਮਾਗਮ ਕਰ ਲੈਂਦੀਆਂ ਹਨ। ਇਸ ਪਿੱਛੋਂ ਪੰਜ ਜੂਨ 'ਸੰਸਾਰ ਵਾਤਾਵਰਣ ਦਿਵਸ' ਵਜੋਂ ਮਨਾਇਆ ਗਿਆ ਤੇ ਇਸ ਦੇ ਬਾਅਦ ਇਹੋ ਜਿਹੇ ਕਈ ਦਿਨ ਹੋਰ ਆਉਣਗੇ। ਮੁੱਕਦੇ ਜਾ ਰਹੇ ਸਾਲ ਦੀ ਪੂਛ ਵਾਲੇ ਦਸੰਬਰ ਵਿੱਚ ਦੋ ਤਰੀਕ ਨੂੰ 'ਪਰਦੂਸ਼ਣ ਰੋਕੋ ਦਿਵਸ' ਵਜੋਂ ਮਨਾਉਣ ਦਾ ਸੱਦਾਹਰ ਸਾਲ ਦਿੱਤਾ ਜਾਂਦਾ ਹੈ, ਪਰ ਉਹ ਵੀ ਆਮ ਸੱਦਿਆਂ ਵਰਗਾ ਸੱਦਾ ਬਣਿਆ ਰਹਿੰਦਾ ਹੈ। ਆਮ ਲੋਕ ਇਹ ਗੱਲਾਂ ਸੋਚਣ ਲਈ ਨਾ ਵਿਹਲ ਕੱਢਦੇ ਹਨ ਤੇ ਨਾ ਲੋੜ ਸਮਝਦੇ ਹਨ, ਕਿਉਂਕਿ ਜ਼ਿੰਦਗੀ ਦੀ ਗੱਡੀ ਚਲਾਉਣ ਲਈ ਮੁੜ੍ਹਕੋ-ਮੁੜ੍ਹਕੀ ਹੋ ਰਹੇ ਉਨ੍ਹਾਂ ਲੋਕਾਂ ਕੋਲ ਇਨ੍ਹਾਂ ਨਾਅਰਿਆਂ ਦੀ ਗੂੰਜ ਪਹੁੰਚਦੀ ਨਹੀਂ, ਸਮਾਜ ਵਿੱਚ ਵਿਖਾਵੇ ਦੀ ਜ਼ਿੰਦਗੀ ਜਿਊਣ ਵਾਲੇ ਗਿਣਵੇਂ-ਚੁਣਵੇਂ ਲੋਕ ਦੀਆਂ ਸ਼ਕਲਾਂ ਮੀਡੀਏ ਵਿੱਚ ਪੇਸ਼ ਕਰਨ ਤੱਕ ਸੀਮਤ ਰਹਿ ਜਾਇਆ ਕਰਦੀ ਹੈ। ਧਰਤੀ ਦਾ ਚੰਗਾ-ਮੰਦਾ ਉਨ੍ਹਾਂ ਲੋਕਾਂ ਨੂੰ ਵੀ ਭੁਗਤਣਾ ਪੈਣਾ ਹੈ, ਜਿਨ੍ਹਾਂ ਤੱਕ ਇਹ ਗੱਲ ਕਦੇ ਪੁੱਜਦੀ ਹੀ ਨਹੀਂ। ਉਹ ਆਮ ਲੋਕ ਇਸ ਸਾਰੀ ਪ੍ਰਕਿਰਿਆ ਦਾ ਹਿੱਸਾ ਬਣਾਏ ਜਾ ਸਕਦੇ ਹਨ, ਪਰ ਬਣਾਏ ਇਸ ਲਈ ਨਹੀਂ ਜਾਂਦੇ ਕਿ ਇਹੋ ਜਿਹਾ 'ਸੁਹਣਾ ਵਕਤ' ਗੁਜ਼ਾਰਨ ਵਾਲੇ ਦਿਨ ਉਨ੍ਹਾਂ ਮਾੜੇ-ਧੀੜੇ ਲੋਕਾਂ ਨਾਲ ਜੁੜ ਬੈਠਣਾ 'ਸਮਾਜ ਦੀ ਕਰੀਮ' ਹੋਣ ਦਾ ਦਾਅਵਾ ਕਰਨ ਵਾਲੇ ਖਾਸ ਵਰਗ ਦੇ ਲੋਕਾਂ ਨੂੰ ਕਦੀ ਪਸੰਦ ਨਹੀਂ ਆ ਸਕਦਾ,ਇਸ ਲਈ ਆਮ ਲੋਕ ਇਸ ਸਭ ਕਾਸੇ ਤੋਂ ਜਾਣ-ਬੁੱਝ ਕੇ ਦੂਰ ਰੱਖੇ ਜਾਂਦੇ ਹਨ।

ਕਈ ਸਾਲ ਪਹਿਲਾਂ ਅਸੀਂ ਦਿੱਲੀ ਤੋਂ ਸ਼ਤਾਬਦੀ ਐਕਸਪ੍ਰੈੱਸ ਰੇਲ ਗੱਡੀ ਲੈਣ ਲਈ ਪਲੇਟਫਾਰਮ ਉੱਤੇ ਖੜੇ ਸਾਂ ਤੇ ਓਥੇ ਉਸ ਗੱਡੀ ਬਾਰੇ ਗੱਲ ਚੱਲ ਰਹੀ ਸੀ ਕਿ ਸੋਹਣੀ ਗੱਡੀ ਹੈ, ਸਰਵਿਸ ਵੀ ਚੰਗੀ ਅਤੇ ਸਾਫ-ਸੁਥਰੀ ਵੀ। ਇੱਕ ਸੱਜਣ ਨੇ ਹੌਲੀ ਜਿਹੀ ਕਹਿ ਦਿੱਤਾ ਕਿ ਗੱਡੀ ਚੰਗੀ ਹੈ, ਸੋਹਣੀ ਹੈ, ਪਰ ਜਿਸ ਪਲੇਟਫਾਰਮ ਤੋਂ ਗੱਡੀ ਵਿੱਚ ਬੈਠਣਾ ਹੈ, ਉਸ ਦਾ ਹਾਲ ਔਹ ਸਾਹਮਣੇ ਰੇਲਵੇ ਲਾਈਨਾਂ ਵਿਚਲੇ ਗੰਦ ਵੱਲੋਂ ਵੇਖ ਲਵੋ ਤਾਂਫਿਰ ਗੱਡੀ ਵਿੱਚ ਬੈਠਣ ਦਾ ਮਜ਼ਾ ਨਹੀਂ ਰਹਿੰਦਾ। ਸਾਹਮਣੇ ਰੇਲਵੇ ਲਾਈਨਾਂ ਵਿੱਚ ਉਹ ਗੰਦ ਪਿਆ ਸੀ, ਜਿਹੜਾ ਸਰੀਰਕ ਲੋੜ ਕਾਰਨ ਮਜਬੂਰ ਹੋਏ ਮੁਸਾਫਰ ਓਥੇ ਖੜੀ ਗੱਡੀ ਵਿੱਚ ਵੀ ਟਾਇਲੇਟਸ ਵਿੱਚ ਜਾ ਕੇ ਪਾ ਆਏ ਸਨ। ਇੱਕ ਜਣੇ ਨੇ ਕਿਹਾ: ਇਸ ਦਾ ਕੋਈ ਇਲਾਜ ਨਹੀਂ ਹੋ ਸਕਦਾ ਤਾਂ ਪਹਿਲਾਂ ਸੋਹਣੀ ਗੱਡੀ ਤੇ ਪਲੇਟਫਾਰਮ ਦੀ ਗੱਲ ਕਰਨ ਵਾਲੇ ਸੱਜਣ ਨੇ ਕਿਹਾ ਸੀ: ਹਵਾਈ ਜਹਾਜ਼ ਕਈ ਵਾਰ ਦਸ-ਦਸ ਘੰਟੇ ਜਾਂ ਇਸ ਤੋਂ ਵੱਧ ਸਮਾਂ ਉੱਡਦੇ ਰਹਿੰਦੇ ਹਨ, ਉਨ੍ਹਾਂ ਦੇ ਮੁਸਾਫਰਾਂ ਨੂੰ ਵੀ ਇਹ ਲੋੜ ਜ਼ਰੂਰ ਪੈਂਦੀ ਹੋਵੇਗੀ ਅਤੇ ਜਹਾਜ਼ਾਂ ਤੋਂ ਇਹ ਗੰਦ ਹੇਠਾਂ ਕਦੀ ਸੁੱਟਿਆ ਨਹੀਂ ਜਾਂਦਾ, ਗੱਡੀਆਂ ਦਾ ਗੰਦ ਵੀ ਏਦਾਂ ਸੁੱਟੇ ਬਗੈਰਸੰਭਾਲਿਆ ਜਾ ਸਕਦਾ ਹੈ। ਬਹੁਤ ਸਾਲ ਲੰਘਾ ਕੇ ਅੱਜਕੱਲ੍ਹ ਇਹ ਕੰਮ ਭਾਰਤੀ ਰੇਲਾਂ ਵਿੱਚ ਕੀਤਾ ਜਾਣ ਲੱਗ ਪਿਆ ਹੈ, ਪਰ ਜਿਹੜੀ ਗੱਲ ਉਹ ਸੱਜਣ ਕਹਿ ਰਿਹਾ ਸੀ, ਉਸ ਬਾਰੇ ਸੋਚਣ ਲਈ ਭਾਰਤੀ ਰੇਲਵੇ ਨੂੰ ਆਜ਼ਾਦੀ ਤੋਂ ਬਾਅਦ ਪੌਣੀ ਸਦੀ ਕਿਉਂ ਲੱਗੀ? ਏਦਾਂ ਦੀ ਗੱਲ ਸੋਚਣ ਦੀ ਥਾਂ ਰੇਲਵੇ ਬੋਰਡ ਦੇ ਮੈਂਬਰ ਅਤੇ ਅਧਿਕਾਰੀ ਜੇਬਾਂ ਭਰਨ ਲਈ ਤਾਂ ਨਹੀਂ ਸਨ ਰੱਖੇ ਗਏ!

ਅਲੋਕਾਰ ਤੇ ਕੁੜੱਤਣ ਨਾਲ ਭਰੇ ਸੁਭਾਅ ਵਾਲਾ ਉਹ ਦੋਸਤ ਸਰਕਾਰਾਂ ਨਾਲ ਵੀ ਨਾਰਾਜ਼ ਰਹਿੰਦਾ ਹੈ, ਅਖਬਾਰਾਂ ਵਿੱਚ ਆਪਣੇ ਫੋਟੋ ਛਪਦੇ ਵੇਖਣ ਵਾਲੇ ਸਮਾਜ ਸੇਵੀਆਂ ਨਾਲ ਵੀ ਤੇ ਨਿੱਜੀ ਦੋਸਤੀ ਨਾ ਹੋਵੇ ਤਾਂ ਸਾਡੇ ਜਿਹੇ ਪੱਤਰਕਾਰਾਂ ਨੂੰ ਵੀ ਮਿਲਣਾ ਚੰਗਾ ਨਹੀਂ ਸਮਝਦਾ। ਉਹ ਸਾਨੂੰ ਸਾਰਿਆਂ ਨੂੰ ਨਿਕੰਮੇ ਸਮਝਦਾ ਅਤੇ ਆਖਦਾ ਵੀ ਹੈ। ਕਾਰਨ ਉਹ ਇਹ ਦੱਸਦਾ ਹੈ ਕਿ ਅਸੀਂ ਸਿਰਫ ਹੋਏ-ਵਾਪਰੇ ਦੀ ਪੇਸ਼ਕਾਰੀ ਕਰਦੇ ਹਾਂ, ਹੋਰਾਂ ਦੇ ਨੁਕਸ ਬੜੇ ਕੱਢਦੇ ਹਾਂ, ਸੰਸਾਰ ਬਚਾਉਣ ਲਈ ਕੀ ਕੁਝ ਕਰਨ ਦੀ ਲੋੜ ਹੈ, ਉਹ ਗੱਲ ਕਰਨ ਦਾ ਹੌਸਲਾ ਨਹੀਂ ਕਰਦੇ। ਖਾਸ ਕਰ ਕੇ ਪਰਦੂਸ਼ਣ ਬਾਰੇ ਚਰਚਾ ਚੱਲ ਪਵੇ ਤਾਂ ਉਹ ਬਹੁਤ ਕੌੜਾ ਹੋ ਜਾਂਦਾ ਹੈ। ਇੱਕ ਵਾਰ ਇਹੋ ਜਿਹੇ ਮੌਕੇ ਉਸ ਨੇ ਪੁੱਛ ਲਿਆ: 'ਵਿਕਸਤ ਦੇਸ਼ਾਂ ਵਿੱਚ ਭਲਾ ਗਾਵਾਂ-ਮੱਝਾਂ ਨਹੀਂ ਹੁੰਦੀਆਂ, ਜੇ ਹੁੰਦੀਆਂ ਹਨ ਤਾਂ ਚਾਰਾ ਨਹੀਂ ਖਾਂਦੀਆਂ, ਜੇ ਖਾਂਦੀਆਂ ਹਨ ਤਾਂ ਕੀ ਗੋਬਰ ਨਹੀਂ ਕਰਦੀਆਂ ਹੋਣਗੀਆਂ, ਪਰ ਉਨ੍ਹਾਂ ਦੇਸ਼ਾਂ ਵਿੱਚ ਸਾਡੇ ਵਾਂਗ ਗੰਦ ਕਿਉਂ ਨਹੀਂ ਪੈਂਦਾ ਤੇ ਸਾਡੇ ਭਾਰਤ ਵਿੱਚ ਮਨੁੱਖਾਂ ਤੋਂ ਲੈ ਕੇ ਪਸ਼ੂਆਂ ਤੱਕ ਦਾ ਗੰਦ ਕਦੀ ਠੀਕ ਤਰ੍ਹਾਂ ਸਾਂਭਿਆ ਕਿਉਂ ਨਹੀਂ ਜਾ ਸਕਿਆ? ਕੀ ਉਹ ਪਹਿਲਾਂ ਗਾਂਵਾਂ-ਮੱਝਾਂ ਦੇ ਫਾਰਮ ਬਣਾਉਂਦੇ ਹਨ ਜਾਂ ਉਨ੍ਹਾਂ ਦੇ ਆਉਣ ਤੋਂ ਪਹਿਲਾਂ ਗੰਦ-ਗੋਬਰ ਸੰਭਾਲਣ ਬਾਰੇ ਸੋਚਦੇ ਹਨ? ਮੈਂ ਅੱਖਾਂ ਟੱਡ ਕੇ ਵੇਖਣ ਲੱਗਾ ਤਾਂ ਉਸ ਨੇ ਕਿਹਾ: ਜਦੋਂ ਭਾਰਤ ਦੀ ਸਰਕਾਰ ਹਰ ਸਾਲ ਕਹਿੰਦੀ ਹੈ ਕਿ ਫਲਾਣੇ ਸਾਲ ਨੂੰ ਦੇਸ਼ ਦੀ ਆਬਾਦੀ ਐਨੇ ਕਰੋੜ ਹੋ ਜਾਣੀ ਹੈ ਅਤੇ ਫਿਰ ਹੋ ਜਾਂਦੀ ਹੈ, ਸਰਕਾਰ ਕਦੇ ਇਹ ਕਿਉਂ ਨਹੀਂ ਸੋਚਦੀ ਕਿ ਉਹ ਸਾਲ ਆਉਣ ਤੋਂ ਪਹਿਲਾਂ ਉਨ੍ਹਾਂ ਲੋਕਾਂ ਦੇ ਮਲ-ਮੂਤਰ ਨੂੰ ਸੰਭਾਲਣ ਦਾ ਪ੍ਰਬੰਧ ਵੀ ਕਰਨਾ ਚਾਹੀਦਾ ਹੈ? ਉਹ ਪੁੱਛਦਾ ਸੀ ਕਿ ਸੰਸਾਰ ਦੇ ਵਿਕਸਤ ਦੇਸ਼ਾਂ ਦੇ ਲੋਕ ਮੱਝਾਂ-ਗਾਵਾਂ ਬਾਰੇ ਵੀ ਅਗੇਤਾ ਸੋਚ ਸਕਦੇ ਹਨ ਤਾਂ ਸਾਡਾ ਸਮਾਜ ਭਵਿੱਖ ਦੇ ਨਾਗਰਿਕਾਂ, ਜਿਨ੍ਹਾਂ ਵਿੱਚੋਂ ਕਦੀ ਕੋਈ ਦੇਸ਼ ਦਾ ਪ੍ਰਧਾਨ ਮੰਤਰੀ ਵੀ ਬਣ ਸਕਦਾ ਹੈ, ਬਾਰੇ ਕਿਉਂ ਨਹੀਂ ਸੋਚ ਸਕਦਾ? ਨਾ ਭਵਿੱਖ ਦੇ ਨਾਗਰਿਕਾਂ ਦੇ ਚਾਰੇ ਬਾਰੇ ਅਗੇਤਾ ਸੋਚਿਆ ਜਾਂਦਾ ਹੈ ਤੇ ਨਾ ਉਸ ਤੋਂ ਪੈਂਦੇ ਪ੍ਰਭਾਵਾਂ ਬਾਰੇ, ਸਿਰਫ ਇਹ ਪੜ੍ਹਾਉਣ ਉੱਤੇ ਜ਼ੋਰ ਲਾਇਆ ਜਾਂਦਾ ਹੈ ਕਿ 'ਮਨੁੱਖ ਇੱਕ ਸਮਾਜੀ ਜੀਵ ਹੈ', ਜੇ ਸਮਾਜ ਇਹ ਗੱਲ ਨਾ ਦੱਸੇਗਾ ਤਾਂ ਭਲਾ ਇਹ ਸਮਾਜੀ ਜੀਵ ਨਾ ਰਹੇਗਾ? ਸਮਾਜ ਏਨੀ ਗੱਲ ਕਹਿਣ ਨਾਲ ਫਰਜ਼ਾਂ ਤੋਂ ਮੁਕਤ ਨਹੀਂ ਹੋ ਜਾਂਦਾ, ਪਰ ਫਰਜ਼ ਪੂਰਤੀ ਲਈ ਕੁਝ ਕਰਦਾ ਕਿਉਂ ਨਹੀਂ? ਏਹੋ ਜਿਹੇ ਕੁੜੱਤਣ ਦੇ ਭਰੇ ਬੰਦਿਆਂ ਦੀ ਗੱਲ ਸਾਨੂੰ ਹਰ ਕਿਸੇ ਨੂੰਸੁਣਨੀ ਚਾਹੀਦੀ ਹੈ, ਪਰ ਨਗਾਰਖਾਨੇ ਵਿੱਚ ਤੂਤੀ ਨੂੰ ਸੁਣੇਗਾ ਕੌਣ!

# ਰੇਗਿਸਤਾਨ 'ਚ ਬਦਲਣ ਵੱਲ ਵੱਧ ਰਿਹਾ ਹਰਿਆ ਭਰਿਆ ਪੰਜਾਬ



-ਮੋਹਿਤ ਵਰਮਾ-

ਪਿਛਲੇ ਲੰਬੇ ਸਮੇਂ ਤੋਂ ਹੋ ਰਹੀ ਪਾਣੀ ਦੀ ਬਰਬਾਦੀ ਕਾਰਨ ਪੰਜ ਦਰਿਆਵਾਂ ਦੀ ਧਰਤੀ ਪੰਜਾਬ, ਪਾਣੀ ਦੇ ਗੰਭੀਰ ਸੰਕਟ ਨਾਲ ਜੂਝਦੀ ਨਜ਼ਰ ਆ ਰਹੀ ਹੈ। ਪਾਣੀ ਦੀ ਬਰਬਾਦੀ ਕਾਰਨ ਹਰਿਆ ਭਰਿਆ ਪੰਜਾਬ ਰੇਗਿਸਤਾਨ ਵਿੱਚ ਬਦਲ ਸਕਦਾ ਹੈ। ਜੇਕਰ ਪਾਣੀ ਦੀ ਬਰਬਾਦੀ ਇਸੇ ਤਰਾਂ ਜਾਰੀ ਰਹੀ ਤਾਂ ਉਹ ਦਿਨ ਦੂਰ ਨਹੀਂ ਜਦੋਂ ਇੱਥੋਂ ਦੀ ਉਪਜਾਊ ਜਮੀਨ ਰੇਤੀਲੇ ਟਿੱਬਿਆਂ ਵਿੱਚ ਬਦਲ ਜਾਵੇਗੀ। ਪਾਣੀ ਦਾ ਪੱਧਰ ਨੀਵਾਂ ਹੋਣ ਕਾਰਨ ਜ਼ਹਿਰੀਲਾ ਪਾਣੀ ਵਰਤੋਂ ਵਿੱਚ ਆਉਣ ਲੱਗਾ ਅਤੇ ਕੀਟਨਾਸ਼ਕਾਂ ਦੀ ਅੰਨ੍ਹੇਵਾਹ ਵਰਤੋਂ ਕਾਰਨ ਜਹਿਰੀਲਾ ਹੋਇਆ ਇਹ ਪਾਣੀ ਕਈ ਨਾ-ਮੁਰਾਦ ਬਿਮਾਰੀਆਂ ਨੂੰ ਜਨਮ ਦੇਣ ਲੱਗਾ ਹੈ।

ਪਾਣੀ ਦੀ ਸਮੱਸਿਆ ਪੈਦਾ ਕਰਨ ਵਿੱਚ ਵੱਡਾ ਯੋਗਦਾਨ ਝੋਨੇ ਦੀ ਖੇਤੀ ਦਾ ਵੀ ਹੈ। ਸੂਬੇ ਅੰਦਰ ਪਾਣੀ ਦੀ ਕੁੱਲ ਖਪਤ ਦਾ 35 ਤੋਂ 40ਫੀਸਦੀ ਹਿੱਸਾ ਸਿਰਫ ਝੋਨੇ ਦੀ ਸਿੰਜਾਈ ਲਈ ਵਰਤਿਆ ਜਾਂਦਾ ਹੈ। ਕਣਕ ਲਈ ਤਕਰੀਬਨ30 ਫੀਸਦੀ, ਬਾਕੀ ਹੋਰ ਫਸਲਾਂ ਲਈ 14 ਫੀਸਦੀ ਪਾਣੀ ਵਰਤਿਆ ਜਾਂਦਾ ਹੈ। ਇਸ ਤੋਂ ਛੁੱਟ ਘਰੇਲੂ ਅਤੇ ਵਪਾਰਿਕ ਅਦਾਰਿਆਂ ਵਿੱਚ ਪਾਣੀ ਦੀ ਖਪਤ ਕੁੱਲ ਖਪਤ ਦਾ ਕੇਵਲ 5 ਫੀਸਦੀ ਹੈ।

ਸਿਰਫ ਝੋਨਾ ਅਤੇ ਕਣਕ ਹੀ ਪਾਣੀ ਦਾ 65 ਫੀਸਦੀ ਤੋਂ ਜਿਆਦਾ ਹਿੱਸਾ ਡਕਾਰ ਜਾਂਦੇ ਹਨ। ਇੱਕ ਇੱਕ ਕਿੱਲੋ ਝੋਨਾ ਤਿਆਰ ਕਰਨ ਲਈ ਤਕਰੀਬਨ ਦੋ ਹਜ਼ਾਰ ਲੀਟਰ ਪਾਣੀ ਦੀ ਖਪਤ ਹੁੰਦੀ ਹੈ ਅਤੇ ਕਣਕ ਦੀ ਪੈਦਾਵਾਰ ਲਈ ਗਈ ਪਾਣੀ ਦੀ ਖਪਤ ਕਾਫੀ ਜ਼ਿਆਦਾ ਹੈ ਜਿਸ ਕਾਰਨ ਪਾਣੀ ਦਾ ਪੱਧਰ ਤੇਜ਼ੀ ਨਾਲ ਡਿੱਗ ਰਿਹਾ ਹੈ। ਪਾਣੀ ਦੇ ਡਿੱਗ ਰਹੇ ਪੱਧਰ ਸਬੰਧੀ ਸਭ ਤੋਂ ਮਾੜਾ ਹਾਲ ਕੇਂਦਰੀ ਪੰਜਾਬ ਦਾ ਹੈ ਜਿੱਥੇ ਹਰ ਸਾਲ ਪਾਣੀ ਦਾ ਪੱਧਰ 60 ਤੋਂ 70 ਸੈਂਟੀਮੀਟਰ ਥੱਲੇ ਜਾ ਰਿਹਾ ਹੈ। ਪੰਜਾਬ ਦੇ ਵੱਡੀ ਗਿਣਤੀ ਬਲਾਕ ਡਾਰਕ ਜੋਨ ਵਿਚ ਚਲੇ ਗਏ ਹਨ।
1980 ਵਿੱਚ ਸੂਬੇ ਦੇ ਲਗਭਗ 13 ਹਜ਼ਾਰ ਪਿੰਡਾਂ ਵਿੱਚੋਂ 3700 ਦੇ ਕਰੀਬ ਪਿੰਡ ਅਜਿਹੇ ਸਨ ਜਿੱਥੇ ਪੀਣ ਵਾਲੇ ਪਾਣੀ ਦੀ ਸਮੱਸਿਆ ਸੀ ਜੋ ਕਿ 2006 ਤੱਕ 8000 ਦੇ ਅੰਕੜੇ ਤੇ ਪਹੁੰਚ ਗਈ ਜਦਕਿ ਮੌਜੂਦਾ ਸਮੇਂ ਵਿੱਚ ਇਹ ਅੰਕੜਾ 10 ਹਜ਼ਾਰ ਤੋਂ ਉੱਪਰ ਟੱਪ ਚੁੱਕਿਆ ਹੈ। ਇਸ ਹਿਸਾਬ ਨਾਲ ਪੰਜਾਬ ਵਿੱਚ ਗਿਣਤੀ ਦੇ ਪਿੰਡ ਹੀ ਅਜਿਹੇ ਹਨ ਜਿਨ੍ਹਾਂ ਨੂੰ ਪੀਣ ਯੋਗ ਸਾਫ ਪਾਣੀ ਮਿਲਦਾ ਹੈ ਕਿਉਂਕਿ ਅੰਨ੍ਹੇਵਾਹ ਕੀਟਨਾਸ਼ਕਾਂ ਦੀ ਵਰਤੋਂ ਕਰਨ ਕਾਰਨ ਧਰਤੀ ਹੇਠਲਾ ਪਾਣੀ ਜ਼ਹਿਰੀਲਾ ਹੋ ਚੁੱਕਿਆ ਹੈ।

ਅੱਜ ਹਰ ਪਾਸੇ ਪਾਣੀ ਦੀ ਬੇਹਤਾਸ਼ਾ ਬਰਬਾਦੀ ਹੋ ਰਹੀ ਹੈ ਅਤੇ ਇਸਨੂੰ ਰੋਕਣ ਦੀ ਬਜਾਏ ਅਸੀਂ ਇਸ ਪਾਸਿਓਂ ਅੱਖਾਂ ਮੀਟੀ ਬੈਠੇ ਹਾਂ। ਰੇਲਵੇ ਸਟੇਸ਼ਨਾਂ, ਬੱਸ ਅੱਡਿਆਂ ਜਾਂ ਹੋਰ ਜਨਤਕ ਥਾਵਾਂ ਤੇ ਜੇਕਰ ਪਾਣੀ ਡੁੱਲ੍ਹ ਰਿਹਾ ਹੋਵੇ ਤਾਂ ਉਸਨੂੰ ਬੰਦ ਕਰਨ ਦੀ ਬਜਾਏ ਅਸੀਂ ਮੂੰਹ ਦੂਜੇ ਪਾਸੇ ਘੁਮਾ ਲੈਂਦੇ ਹਾਂ। ਅਸੀਂ ਭੁੱਲ ਜਾਂਦੇ ਹਾਂ ਕਿ ਬੇਸ਼ੱਕ ਇਹ ਪਾਣੀ ਬੱਸ ਅੱਡੇ ਜਾਂ ਕਿਸੇ ਹੋਰ ਥਾਂ ਤੇ ਡੁੱਲ੍ਹ ਰਿਹਾ ਹੈ ਪਰ ਇਹ ਪਾਣੀ ਆ ਤਾਂ ਧਰਤੀ ਹੇਠੋਂ ਹੀ ਰਿਹਾ ਹੈ। ਜੇਕਰ ਮੂੰਹ ਫੇਰਨ ਦੀ ਬਜਾਏ ਪਾਣੀ ਡੁੱਲ੍ਹਣ ਤੋਂ ਰੋਕਿਆ ਜਾਵੇ ਤਾਂ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਕਾਫੀ ਹੱਦ ਤੱਕ ਘੱਟ ਕੀਤਾ ਜਾ ਸਕਦਾ ਹੈ।

ਜੇਕਰ ਸਾਡੇ ਨਿੱਤਵਰਤੀ ਰੁਝਾਨ ਵੱਲ ਨਜਰ ਮਾਰੀਏ ਤਾਂ ਪਤਾ ਲੱਗਦਾ ਹੈ ਕਿ ਸਾਡੀ ਰੋਜਾਨਾ ਦੀ ਜਿੰਦਗੀ ਵਿੱਚ ਪਾਣੀ ਦੀ ਵੱਡੇ ਪੱਧਰ ਤੇ ਹੋ ਰਹੀ ਬਰਬਾਦੀ ਲਈ ਅਸੀਂ ਖੁਦ ਹੀ ਜਿੰਮੇਵਾਰ ਹਾਂ। ਰੋਜਾਨਾ ਸ਼ੇਵ ਜਾਂ ਬੁਰਸ਼ ਕਰਨ ਸਮੇਂ ਟੂਟੀ ਖੁੱਲੀ ਰੱਖਣੀ, ਪਾਈਪ ਨਾਲ ਗੱਡੀ ਜਾਂ ਫਰਸ਼ਾਂ ਧੋਣਾ ਆਦਿ ਕੁਝ ਅਜਿਹੀਆਂ ਆਦਤਾਂ ਹਨ ਜਿੰਨ੍ਹਾ ਨਾਲ ਅਸੀਂ ਹਜਾਰਾਂ ਲੀਟਰ ਪਾਣੀ ਰੋਜਾਨਾ ਅਜਾਈਂ ਗਵਾ ਰਹੇ ਹਾਂ। ਅੱਜ ਲੋੜ ਹੈ ਇਹਨਾਂ ਆਦਤਾਂ ਨੂੰ ਬਦਲਣ ਦੀ। ਸ਼ੇਵ ਜਾਂ ਬੁਰਸ਼ ਕਰਨ ਸਮੇਂ ਟੂਟੀ ਖੁੱਲ੍ਹੀ ਛੱਡਣ ਦੀ ਬਜਾਇ ਕੱਪ ਨਾਲ ਵੀ ਕੰਮ ਚਲਾਇਆ ਜਾ ਸਕਦਾ ਹੈ ਅਤੇ ਗੱਡੀ ਜਾਂ ਫਰਸ਼ਾਂ ਧੋਣ ਲਈ ਬਾਲਟੀ ਦਾ ਪ੍ਰਯੋਗ ਵੀ ਕੀਤਾ ਜਾ ਸਕਦਾ ਹੈ। ਜੇਕਰ ਵਕਤ ਰਹਿੰਦੇ ਇਹਨਾਂ ਆਦਤਾਂ ਨੂੰ ਨਾ ਬਦਲਿਆ ਗਿਆ ਤਾਂ ਆਉਣ ਵਾਲੇ ਵਕਤ ਵਿੱਚ ਇਸਦੇ ਬਹੁਤ ਹੀ ਗੰਭੀਰ ਸਿੱਟੇ ਨਿੱਕਲਣਗੇ।

ਦਿਨੋਂ ਦਿਨ ਡਿੱਗ ਰਿਹਾ ਪਾਣੀ ਦਾ ਪੱਧਰ ਗੰਭੀਰ ਚਿੰਤਾ ਦਾ ਵਿਸ਼ਾ ਹੈ ਅਤੇ ਇਹ ਸਾਡੇ ਆਉਣ ਵਾਲੇ ਬੁਰੇ ਵਕਤ ਦੀ ਚੇਤਾਵਨੀ ਹੈ। ਜਿਸ ਢੰਗ ਨਾਲ ਅੱਜ ਪਾਣੀ ਦੀ ਬਰਬਾਦੀ ਹੋ ਰਹੀ ਹੈ ਉਸਨੂੰ ਦੇਖ ਕੇ ਇੰਜ ਜਾਪਦਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਪਾਣੀ ਸਾਡੀ ਪਹੁੰਚ ਤੋਂ ਬਾਹਰ ਹੋ ਜਾਵੇਗਾ। ਅੱਜ ਵੱਖ ਵੱਖ ਸੰਸਥਾਵਾਂ ਵੱਲੋਂ ਪਾਣੀ ਦੇ ਨਿਰੰਤਰ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਉਪਰਾਲੇ ਕੀਤੇ ਜਾ ਰਹੇ ਹਨ। ਸਾਡਾ ਸਭ ਦਾ ਮੁੱਢਲਾ ਫਰਜ਼ ਬਣਦਾ ਹੈ ਕਿ ਪਾਣੀ ਦੀ ਸਾਂਭ ਸੰਭਾਲ ਲਈ ਲੋੜੀਂਦੇ ਯਤਨ ਕਰੀਏ ਅਤੇ ਪਾਣੀ ਦੀ ਸਾਂਭ ਸੰਭਾਲ ਲਈ ਕੰਮ ਕਰ ਰਹੀਆਂ ਸੰਸਥਾਵਾਂ ਨੂੰ ਪੂਰਨ ਸਹਿਯੋਗ ਦੇਈਏ।

ਹਰ ਮਨੁੱਖ ਸਭ ਤੋਂ ਪਹਿਲਾਂ ਆਪਣੀਆਂ ਆਦਤਾਂ ਬਦਲੇ ਅਤੇ ਦੂਸਰੇ ਵਿਅਕਤੀਆਂ ਨੂੰ ਵੀ ਪਾਣੀ ਬਚਾਉਣ ਲਈ ਪ੍ਰੇਰਿਤ ਕਰੇ। ਇਸ ਤੋਂ ਇਲਾਵਾ ਪਾਣੀ ਦੀ ਸਾਂਭ ਸੰਭਾਲ ਲਈ ਸਰਕਾਰੀ ਯਤਨਾਂ ਦੀ ਵੀ ਸਖਤ ਜ਼ਰੂਰਤ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਪਾਣੀ ਦੀ ਬਰਬਾਦੀ ਰੋਕਣ ਲਈ ਪਿੰਡਾਂ ਸ਼ਹਿਰਾਂ ਵਿੱਚ ਜਾਗਰੁਕਤਾ ਕੈਂਪ ਲਗਾਏ ਜਾਣ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਇਸ ਅਨਮੋਲ ਖਜ਼ਾਨੇ ਦੀ ਸੰਭਾਲ ਸਬੰਧੀ ਜਾਣਕਾਰੀ ਮਿਲ ਸਕੇ। ਲੋਕਾਂ ਨੂੰ ਵੀ ਚਾਹੀਦਾ ਹੈ ਕਿ ਉਹ ਵੀ ਪਾਣੀ ਦੀ ਬੇਲੋੜੀ ਵਰਤੋਂ ਤੋਂ ਗੁਰੇਜ਼ ਕਰਨ ਤਾਂ ਜੋ ਬੰਜਰ ਹੋ ਰਹੀ ਪੰਜਾਬ ਦੀ ਧਰਤੀ ਨੂੰ ਬਚਾਇਆ ਜਾ ਸਕੇ।


Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
Gore Rd
Squire Ellis Dr
Countryside Dr



Grand Upholstery Ltd
Sofa Company Originality in Every Piece
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
Special on Sale
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂੰਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
CHEEMA
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

**URGENTLY NEED NEW LISTINGS IN BRAMPTON/CALEDON**



visit: www.teamjagaujla.com

ADVERTISEMENT GUARANTEED TILL SOLD

# JAG AUJLA

MCNE, REAL ESTATE BROKER

## 416-371-7777

e-mail: j.aujla@rogers.com or visit: www.jagaujla.com

MCNE

**CALL JAG AUJLA FOR A QUICK & FREE HOME EVALUATION**

www.BramptonTopRealtor.com

**RECENTLY LISTED/SOLD IN YOUR NEIGHBOURHOOD**

**SHELBURNE** (Simon St /Hwy 89)



ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

**FREE**

- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.

Ph:905-456-3232

JAG AUJLA 416-371-7777

MCNE, Real Estate Broker

NOT INTENDED TO SOLICIT BUYERS OR SELLERS CURRENTLY UNDER CONTRACT









FRESH & LARGE VARIETY

Bread, Dairy & Eggs

Branded Foods

Fruits & Vegetables

Beverages & Confectionery

Grocery & Staples

Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017